SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 123 | Tuesday, June 27, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਓਲੀਵੀਆ ਚਾਓ ਚੁਣੀ ਗਈ ਟੋਰਾਂਟੋ ਦੀ ਨਵੀਂ ਮੇਅਰ




ਟੋਰਾਂਟੋ, 26 ਜੂਨ (ਪੋਸਟ ਬਿਊਰੋ) : ਸਾਬਕਾ ਸਿਟੀ ਕਾਊਂਸਲਰ ਤੇ ਐਮਪੀ ਓਲੀਵੀਆ ਚਾਓ ਟੋਰਾਂਟੋ ਦੀ ਅਗਲੀ ਮੇਅਰ ਚੁਣ ਲਈ ਗਈ ਹੈ। ਚਾਓ ਨੂੰ 37 ਫੀ ਸਦੀ ਵੋਟਾਂ ਹਾਸਲ ਹੋਈਆਂ।

ਇਸ ਨਾਲ ਟੋਰਾਂਟੋ ਸਿਟੀ ਹਾਲ ਵਿੱਚ 13 ਸਾਲਾਂ ਤੋਂ ਚੱਲਿਆ ਆ ਰਿਹਾ ਸੱਜੇ ਪੱਖੀ ਸ਼ਾਸਨ ਖ਼ਤਮ ਹੋ ਜਾਵੇਗਾ। ਸਿਟੀ ਦੀ ਅਗਵਾਈ ਕਰਨ ਵਾਲੀ ਉਹ ਪਹਿਲੀ ਘੱਟ ਗਿਣਤੀ ਮਹਿਲਾ ਹੋਵੇਗੀ। ਚੋਣਾਂ ਤੋਂ ਪਹਿਆਂ ਕਰਵਾਏ ਗਏ ਸਰਵੇਖਣਾਂ ਤੋਂ ਹੀ ਇਹ ਸਿੱਧ ਹੋ ਗਿਆ ਸੀ ਕਿ ਹਵਾ ਦਾ ਰੁਖ ਚਾਓ ਵੱਲ ਹੈ। 66 ਸਾਲਾ ਚਾਓ ਨੇ ਜਿਵੇਂ ਹੀ ਚੋਣ ਪਿੜ ਵਿੱਚ ਪੈਰ ਧਰਿਆ ਉਹ ਲੋਕਾਂ ਦੀ ਚਹੇਤੀ ਆਗੂ ਬਣ ਗਈ। ਹਾਲਾਂਕਿ ਆਖਰੀ ਹਫਤੇ ਆ ਕੇ ਐਨਾ ਬਾਇਲਾਓ ਤੇ ਚਾਓ ਦਰਮਿਆਨ ਫਰਕ ਕੁੱਝ ਘੱਟ ਗਿਆ ਪਰ ਚਾਓ ਦੀ ਚੜ੍ਹਤ ਨੂੰ ਬਹੁਤਾ ਫਰਕ ਨਹੀਂ ਪਿਆ।

2014 ਵਿੱਚ ਵੀ ਚਾਓ ਨੇ ਮੇਅਰ ਦੇ ਅਹੁਦੇ ਲਈ ਹੋਈਆਂ ਚੋਣਾਂ ਵਿੱਚ ਹਿੱਸਾ ਲਿਆ ਸੀ ਪਰ ਉਸ ਸਮੇਂ ਉਹ ਸਾਬਕਾ ਮੇਅਰ ਜੌਹਨ ਟੋਰੀ ਤੇ ਡੱਗ ਫੋਰਡ ਤੋਂ ਬਾਅਦ ਤੀਜੇ ਸਥਾਨ ਉੱਤੇ ਆਈ ਸੀ। ਸ਼ੁਰੂਆਤੀ ਨਤੀਜਿਆਂ ਵਿੱਚ ਡਿਪਟੀ ਮੇਅਰ ਐਨਾ ਬਾਇਲਾਓ ਅੱਗੇ ਚੱਲ ਰਹੀ ਸੀ ਪਰ ਫਿਰ ਹੌਲੀ ਹੌਲੀ ਵੋਟਾਂ ਦੀ ਗਿਣਤੀ ਚਾਓ ਦੇ ਹੱਕ ਵਿੱਚ ਵੱਧਦੀ ਗਈ ਤੇ ਉਨ੍ਹਾਂ ਨੂੰ 37 ਫੀ ਸਦੀ ਵੋਟਾਂ ਹਾਸਲ ਹੋਈਆਂ। ਟਵਿੱਟਰ ਉੱਤੇ ਬਾਇਲਾਓ ਨੇ ਚਾਓ ਨੂੰ ਵਧਾਈ ਦਿੱਤੀ। ਅੱਠ ਫੀ ਸਦੀ ਵੋਟਾਂ ਨਾਲ ਸਾਬਕਾ ਪੁਲਿਸ ਚੀਫ ਮਾਰਕ ਸਾਂਡਰਸ ਤੀਜੇ ਸਥਾਨ ਉੱਤੇ ਰਹੇ। ਐਂਥਨੀ ਫੁਰੇ ਤੇ ਜੋਸ਼ ਮੈਟਲੋ ਪਹਿਲੇ ਪੰਜਾਂ ਵਿੱਚ ਰਹੇ।

ਇਸ ਦੌਰਾਨ ਪ੍ਰੀਮੀਅਰ ਡੱਗ ਫੋਰਡ ਨੇ ਟਵੀਟ ਕਰਕੇ ਚਾਓ ਨੂੰ ਵਧਾਈ ਦਿੰਦਿਆਂ ਆਖਿਆ ਕਿ ਭਾਵੇਂ ਅਸੀਂ ਹਰ ਗੱਲ ਉੱਤੇ ਸਹਿਮਤ ਨਹੀਂ ਹੋਵਾਂਗੇ ਪਰ ਟੋਰਾਂਟੋ ਨੂੰ ਬਿਹਤਰ ਥਾਂ ਬਣਾਉਣ ਲਈ ਅਸੀਂ ਸਾਂਝੇ ਤੌਰ ਉੱਤੇ ਕੋਸ਼ਿਸ਼ ਕਰਾਂਗੇ। ਅਜਿਹਾ ਇਸ ਲਈ ਵੀ ਜ਼ਰੂਰੀ ਹੈ ਤਾਂ ਕਿ ਕਾਰੋਬਾਰ, ਪਰਿਵਾਰ ਤੇ ਵਰਕਰਜ਼ ਵਧ ਫੁੱਲ ਸਕਣ।

## ਟਰੂਡੋ ਨੇ ਉੱਤਰੀ ਯੂਰਪ ਦੇ ਆਗੂਆਂ ਨਾਲ ਆਈਸਲੈਂਡ ਵਿੱਚ ਕੀਤੀ ਮੁਲਾਕਾਤ



ਵੈਸਟਮੈਨੇਯਜ਼ਾਰ, ਆਈਸਲੈਂਡ, 26 ਜੂਨ (ਪੋਸਟ ਬਿਊਰੋ) : ਯੂਕਰੇਨ ਤੇ ਰੂਸ ਦਰਮਿਆਨ ਜਾਰੀ ਜੰਗ ਦੇ ਮੱਦੇਨਜ਼ਰ ਸਵੀਡਨ ਵੱਲੋਂ ਨਾਟੋ ਮਿਲਟਰੀ ਗੱਠਜੋੜ ਵਿੱਚ ਸ਼ਾਮਲ ਹੋਣ ਦੀ ਕੋਸ਼ਿਸ਼ ਦੇ ਚੱਲਦਿਆਂ ਆਈਸਲੈਂਡ ਵਿੱਚ ਉੱਤਰੀ ਯੂਰਪ ਦੇ ਆਗੂਆਂ ਵੱਲੋਂ ਮੁਲਾਕਾਤ ਕੀਤੀ ਗਈ। ਇਸ ਮੌਕੇ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੀ ਹਾਜ਼ਰ ਸਨ।

ਟਰੂਡੋ ਵੱਲੋਂ ਨਿਜੀ ਤੌਰ ਉੱਤੇ ਸਵੀਡਨ ਦੇ ਪ੍ਰਧਾਨ ਮੰਤਰੀ ਉਲਫ ਕ੍ਰਿਸਟਰਸਨ ਨਾਲ ਮੁਲਾਕਾਤ ਕੀਤੀ ਜਾਣੀ ਹੈ। ਉੱਤਰੀ ਯੂਰਪ ਦੇ ਇਨ੍ਹਾਂ ਆਗੂਆਂ ਦੀ ਇਸ ਸਾਲਾਨਾ ਸਿਖਰ ਵਾਰਤਾ ਦੌਰਾਨ ਕੈਨੇਡਾ ਦੇ ਆਗੂ ਨੂੰ ਮਹਿਮਾਨ ਵਜੋਂ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਸੀ। ਕ੍ਰਿਸਟਰਸਨ ਨਾਲ ਮੁਲਾਕਾਤ ਤੋਂ ਇਲਾਵਾ ਟਰੂਡੋ ਵੱਲੋਂ ਨੌਰਵੇਅ ਦੇ ਪ੍ਰਧਾਨ ਮੰਤਰੀ ਜੋਨਸ ਗਾਹਰ ਸਟੋਰ ਨਾਲ ਵੀ ਕੁੱਝ ਸਮਾਂ ਬਿਤਾਇਆ ਗਿਆ।

ਟਰੂਡੋ ਨੇ ਆਖਿਆ ਕਿ ਭਾਵੇਂ ਕਲਾਈਮੇਟ ਚੇਂਜ ਨਾਲ ਸਿੱਝਣ ਦਾ ਮਾਮਲਾ ਹੋਵੇ ਜਾਂ ਮੂਲਵਾਸੀਆਂ ਦੇ ਮੁੱਦੇ ਸੁਲਝਾਉਣ ਦੀ ਗੱਲ ਹੋਵੇ, ਦੋਵਾਂ ਦੇਸ਼ਾਂ ਵਿੱਚ ਕਾਫੀ ਸਮਾਨਤਾਵਾਂ ਹਨ। ਸਟੋਰ ਨੇ ਆਖਿਆ ਕਿ ਸਿਆਸੀ ਸੋਚ ਦਾ ਮੇਲ ਖਾਣਾ ਇਸ ਸਮੇਂ ਬਹੁਤ ਜ਼ਰੂਰੀ ਹੈ ਕਿਉਂਕਿ ਇਸ ਸਮੇਂ ਯੂਰਪ ਵਿੱਚ ਜੰਗ ਵਾਲਾ ਮਾਹੌਲ ਬਣਿਆ ਹੋਇਆ ਹੈ। ਟਰੂਡੋ ਨਾਲ ਗੱਲਬਾਤ ਦੌਰਾਨ ਸਟੋਰ ਨੇ ਆਖਿਆ ਕਿ ਇਹ ਦੋ ਰੋਜ਼ਾ ਸਿਖਰ ਵਾਰਤਾ ਜੁਲਾਈ ਦੇ ਮੱਧ ਵਿੱਚ ਲਿਥੁਆਨੀਆ ਵਿੱਚ ਹੋਣ ਵਾਲੀ ਨਾਟੋ ਆਗੂਆਂ ਦੀ ਸਾਲਾਨਾ ਸਿਖਰ ਵਾਰਤਾ ਤੋਂ ਪਹਿਲਾਂ ਹੋਈ ਹੈ। ਉਨ੍ਹਾਂ ਇਹ ਵੀ ਆਖਿਆ ਕਿ ਜੁਲਾਈ ਵਾਲੀ ਵਾਰਤਾ ਇਤਿਹਾਸਕ ਰਹਿਣ ਵਾਲੀ ਹੈ।

ਉੱਤਰੀ ਯੂਰਪ ਦੇ ਇਹ ਦੇਸ਼ ਯੂਕਰੇਨ ਦੀ ਪਿੱਠ ਉੱਤੇ ਹਨ। ਇਨ੍ਹਾਂ ਦੇਸ਼ਾਂ ਵਿੱਚ ਵੀ ਰੂਸ ਵੱਲੋਂ ਧਾਵਾ ਬੋਲੇ ਜਾਣ ਦਾ ਖਤਰਾ ਹੈ। 16 ਮਹੀਨਿਆਂ ਤੋਂ ਜਾਰੀ ਇਸ ਜੰਗ ਕਾਰਨ ਸਵੀਡਨ ਤੇ ਫਿਨਲੈਂਡ ਨੂੰ ਵੀ ਨਿਰਪੱਖ ਰਹਿਣ ਦੀਆਂ ਆਪਣੀਆਂ ਦਹਾਕਿਆਂ ਪੁਰਾਣੀਆਂ ਨੀਤੀਆਂ ਨੂੰ ਛੱਡਦਿਆਂ ਹੋਇਆਂ ਨਾਟੋ ਵਿੱਚ ਸ਼ਾਮਲ ਹੋਣ ਲਈ ਅਪਲਾਈ ਕਰਨਾ ਪਿਆ ਹੈ। ਦੋਵਾਂ ਦੇਸ਼ਾਂ ਦੇ ਇਸ ਫੈਸਲੇ ਦੀ ਹਮਾਇਤ ਸੱਭ ਤੋਂ ਪਹਿਲਾਂ ਕੈਨੇਡਾ ਵੱਲੋਂ ਕੀਤੀ ਗਈ। ਫਿਨਲੈਂਡ ਨੂੰ ਅਪਰੈਲ ਵਿੱਚ ਸ਼ਾਮਲ ਕਰ ਲਿਆ ਗਿਆ। ਪਰ ਤੁਰਕੀ ਤੇ ਹੰਗਰੀ ਨੇ ਸਵੀਡਨ ਨੂੰ ਮਨਜ਼ੂਰੀ ਦੇਣ ਦੇ ਰਾਹ ਵਿੱਚ ਅੜਿੱਕਾ ਡਾਹ ਦਿੱਤਾ। ਇਸ ਦੌਰਾਨ ਟਰੂਡੋ ਵੱਲੋਂ ਡੈਨਮਾਰਕ, ਆਈਸਲੈਂਡ ਤੇ ਫਿਨਲੈਂਡ ਦੇ ਪ੍ਰਧਾਨ ਮੰਤਰੀਆਂ ਨਾਲ ਵੀ ਮੁਲਾਕਾਤ ਕੀਤੀ ਗਈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

## ਹੈਮਿਲਟਨ ਪਾਰਕ ਵਿੱਚ ਦਿਨ ਦਿਹਾੜੇ ਕੀਤੇ ਗਏ ਹਮਲੇ ਮਗਰੋਂ ਇੱਕ ਵਿਅਕਤੀ ਦੀ ਹੋਈ ਮੌਤ



ਹੈਮਿਲਟਨ, 26 ਜੂਨ (ਪੋਸਟ ਬਿਊਰੋ): ਵੀਰਵਾਰ ਸਵੇਰ ਨੂੰ ਹੈਮਿਲਟਨ ਦੇ ਪਬਲਿਕ ਪਾਰਕ ਵਿੱਚ ਕੀਤੇ ਗਏ ਹਮਲੇ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਸੋਮਵਾਰ ਨੂੰ ਜਾਰੀ ਕੀਤੀ ਗਈ ਇੱਕ ਰਲੀਜ਼ ਵਿੱਚ ਹੈਮਿਲਟਨ ਪੁਲਿਸ ਵੱਲੋਂ ਇਸ ਦੀ ਪੁਸ਼ਟੀ ਕੀਤੀ ਗਈ ਕਿ ਵਿਕਟੋਰੀਆ ਸਟਰੀਟ ਦੇ

...ਬਾਕੀ ਪੰਨਾ 3 'ਤੇ

INSURANCE
- Home
- Auto
- Business
- Trucking
- Life Insurance
- Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

$3199 SUPER! SAVINGS FOR SUPER DADS $1699 $5299*
5.2 CU FT. CAPACITY (AI WASH)
7.4 CU FT. CAPACITY (REVERSIBLE DOOR)
CAFÉ KitchenAid moffat MAYTAG LG SAMSUNG Electrolux JENNAIR BOSCH Whirlpool
5781 Highway 7 Unit 10 Vaughan, ON L4L 1T8 (416) 477-5556 | 44 Fasken Dr, #2-9 Etobicoke, ON M9W 5M8 (416) 792-0877 | Unit #1, 241 Clarence St Brampton, On L6W 3E7 (416) 551-3343 | Unit #4 -1540 Fanshawe Park Road West London, On N6H 5L8 (519) 641-1010 | Unit #6 – 410 Lewis Road Stoney Creek, On L8E 5Y7 (905) 643-0818 | 1050 Speers Road Oakville, On L6L 2X4 (416) 613-0555
416-551-5553 WWW.OURRHOMEAPPLIANCES.COM

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axxel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL (Government Approved Licensed Technician)
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Wills & Estates
- Power of Attorney
- Business Law
- Family Law
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਫਰਾਡ ਦੇ ਸ਼ਿਕਾਰ ਇੰਟਰਨੈਸ਼ਨਲ ਵਿਦਿਆਰਥੀਆਂ ਦੀ ਮਦਦ ਲਈ ਆਈਆਰਸੀਸੀ ਵੱਲੋਂ ਮਾਰੇ ਜਾ ਰਹੇ ਹੰਭਲੇ ਦੀ ਸਹੋਤਾ ਨੇ ਕੀਤੀ ਸ਼ਲਾਘਾ

ਓਟਵਾ, 26 ਜੂਨ (ਪੋਸਟ ਬਿਊਰੋ) : ਸਟੱਡੀ ਪਰਮਿਟ ਅਰਜ਼ੀਆਂ ਦੇ ਨਾਲ ਜਾਅਲੀ ਐਕਸੈਪਟੈਂਸ ਲੈਟਰਜ਼ ਲਾਉਣ ਦੇ ਮਾਮਲੇ ਵਿੱਚ ਕੈਨੇਡਾ ਤੋਂ ਡੀਪੋਰਟ ਕਰਨ ਦੀ ਕਗਾਰ ਉੱਤੇ ਪਹੁੰਚ ਚੁੱਕੇ ਇੰਟਰਨੈਸ਼ਨਲ ਸਟੂਡੈਂਟਸ ਤੇ ਗ੍ਰੈਜੂਏਟਸ ਦੇ ਪੱਖ ਵਿੱਚ ਬਰੈਂਪਟਨ ਨੌਰਥ ਤੋਂ ਐਮਪੀ ਰੂਬੀ ਸਹੋਤਾ ਨੇ ਵੀ ਹਾਅ ਦਾ ਨਾਅਰਾ ਮਾਰਿਆ।

ਬੀਤੇ ਦਿਨੀਂ ਰੂਬੀ ਸਹੋਤਾ ਵੱਲੋਂ ਇਮੀਗ੍ਰੇਸ਼ਨ ਮੰਤਰੀ ਸ਼ਾਨ ਫਰੇਜ਼ਰ ਤੇ ਹੋਰਨਾਂ ਫੈਡਰਲ ਮੰਤਰੀਆਂ ਨਾਲ ਰਲ ਕੇ ਇੱਕ ਬਿਆਨ ਜਾਰੀ ਕੀਤਾ ਗਿਆ। ਇਸ ਬਿਆਨ ਰਾਹੀਂ ਆਈਆਰਸੀਸੀ ਦੀਆਂ ਕੋਸ਼ਿਸ਼ਾਂ ਦੀ ਸਿਫਤ ਕੀਤੀ ਗਈ। ਜ਼ਿਕਰਯੋਗ ਹੈ ਕਿ ਆਈਆਰਸੀਸੀ ਵੱਲੋਂ ਇਮੀਗ੍ਰੇਸ਼ਨ ਅਧਿਕਾਰੀਆਂ ਦੀ ਇੱਕ ਟਾਸਕ ਫੋਰਸ ਬਣਾਈ ਗਈ ਹੈ ਜਿਹੜੀ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ (ਸੀਬੀਐਸਏ) ਨਾਲ ਰਲ ਕੇ ਫਰਾਡ ਦੇ ਸ਼ਿਕਾਰ ਵਿਦਿਆਰਥੀਆਂ ਦੀ ਪਛਾਣ ਕਰੇਗੀ। ਜੇ ਇਹ ਤੈਅ ਹੋ ਜਾਂਦਾ ਹੈ ਕਿ ਸਬੰਧਤ ਵਿਦਿਆਰਥੀ ਕੈਨੇਡਾ ਵਿੱਚ ਇੰਟਰਨੈਸ਼ਨਲ ਸਟੂਡੈਂਟ ਵਜੋਂ ਸੱਚਮੁੱਚ ਪੜ੍ਹਨ ਦੇ ਇਰਾਦੇ ਨਾਲ ਹੀ ਆਇਆ ਹੈ ਤਾਂ ਅਧਿਕਾਰੀਆਂ ਨੂੰ ਅਜਿਹੇ ਵਿਦਿਆਰਥੀ ਨੂੰ ਟੈਂਪਰੇਰੀ ਰੈਜ਼ੀਡੈਂਟ ਪਰਮਿਟ ਜਾਰੀ ਕਰਨ ਦੀ ਹਦਾਇਤ ਦਿੱਤੀ ਗਈ ਹੈ ਤਾਂ ਕਿ ਉਹ ਵਿਦਿਆਰਥੀ ਕੈਨੇਡਾ ਵਿੱਚ ਰਹਿ ਕੇ ਆਪਣੀ ਪੜ੍ਹਾਈ ਪੂਰੀ ਕਰ ਸਕੇ।



ਟੈਂਪਰੇਰੀ ਰੈਜ਼ੀਡੈਂਟ ਪਰਮਿਟ ਮੁਹੱਈਆ ਕਰਵਾਏ ਜਾਣ ਨਾਲ ਇਹ ਯਕੀਨੀ ਬਣਾਇਆ ਜਾਵੇਗਾ ਕਿ ਇਹ ਵਿਦਿਆਰਥੀ ਤੇ ਗ੍ਰੈਜੂਏਟਸ ਕੈਨੇਡਾ ਵਿੱਚ ਰਹਿ ਸਕਦੇ ਹਨ ਤੇ ਉਨ੍ਹਾਂ ਦੇ ਮੁੜ ਕੈਨੇਡਾ ਦਾਖਲ ਹੋਣ ਉੱਤੇ 5 ਸਾਲ ਦੀ ਪਾਬੰਦੀ ਨਹੀਂ ਲੱਗੇਗੀ। ਇਹ ਪਰਮਿਟ ਉਸ ਸਮੇਂ ਹੀ ਜਾਰੀ ਕੀਤਾ ਜਾਵੇਗਾ ਜਿਨ੍ਹਾਂ ਦੇ ਮਾਮਲੇ ਇਸ ਸਮੇਂ ਵਿਚਾਰ ਅਧੀਨ ਹਨ। ਇਸ ਦੌਰਾਨ ਧੋਖਾਧੜੀ ਕਰਨ ਵਾਲਿਆਂ ਤੇ ਗੜਬੜ ਕਰਕੇ ਕੈਨੇਡਾ ਪਹੁੰਚਣ ਵਾਲਿਆਂ ਤੋਂ ਨੇਕ ਨੀਅਤ ਨਾਲ ਇੱਧਰ ਪੜ੍ਹਾਈ ਕਰਨ ਆਏ ਵਿਦਿਆਰਥੀਆਂ ਨੂੰ ਵੱਖ ਕਰਨ ਉੱਤੇ ਧਿਆਨ ਕੇਂਦਰਿਤ ਕੀਤਾ ਜਾ ਰਿਹਾ ਹੈ।

ਇਸ ਦੌਰਾਨ ਸਹੋਤਾ ਨੇ ਆਖਿਆ ਕਿ ਉਨ੍ਹਾਂ ਵੱਲੋਂ ਇਸ ਤਰ੍ਹਾਂ ਦੇ ਫਰਾਡ ਦਾ ਸ਼ਿਕਾਰ ਹੋਏ ਕਈ ਇੰਟਰਨੈਸ਼ਨਲ ਵਿਦਿਆਰਥੀਆਂ ਨਾਲ ਮੁਲਾਕਾਤ ਕੀਤੀ ਗਈ ਤੇ ਇਸ ਤੋਂ ਸਾਫ ਹੋ ਗਿਆ ਕਿ ਕਈ ਇੰਟਰਨੈਸ਼ਨਲ ਵਿਦਿਆਰਥੀ, ਜਿਨ੍ਹਾਂ ਵਿੱਚੋਂ ਬਹੁਤੇ ਪੰਜਾਬੀ ਹਨ, ਨਾਲ ਇਮੀਗ੍ਰੇਸ਼ਨ ਐਪਲੀਕੇਸ਼ਨ ਪ੍ਰਕਿਰਿਆ ਵਿੱਚ ਮਦਦ ਦੇ ਨਾਂ ਉੱਤੇ ਫਰਾਡ ਹੋਇਆ। ਇਸ ਤਰ੍ਹਾਂ ਦੇ ਠੱਗ ਏਜੰਟਾ ਦੀ ਗਲਤੀ ਦਾ ਖਮਿਆਜਾ ਤੇ ਜੁਰਮਾਨਾ ਇਨ੍ਹਾਂ ਵਿਦਿਆਰਥੀਆਂ ਨੂੰ ਨਹੀਂ ਭਰਨਾ ਚਾਹੀਦਾ। ਇਸ ਲਈ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਅਜਿਹੇ ਵਿਦਿਆਰਥੀਆਂ ਦੀ ਪੂਰੀ ਮਦਦ ਕੀਤੀ ਜਾ ਸਕੇ ਤੇ ਉਨ੍ਹਾਂ ਦੇ ਕੇਸ ਮੁੜ ਵਿਚਾਰੇ ਜਾਣ।

ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਵਾਪਰਨ ਤੋਂ ਰੋਕਣ ਲਈ ਆਈਆਰਸੀਸੀ ਡੈਜ਼ੀਗਨੇਟਿਡ ਲਰਨਿੰਗ ਇੰਸਟੀਚਿਊਸ਼ਨਜ਼ (ਡੀਐਲਆਈਜ਼), ਪ੍ਰੋਵਿੰਸਾਂ ਤੇ ਟੈਰੇਟਰੀਜ਼ ਤੇ ਕੈਨੇਡਾ ਦੇ ਕਾਲਜਾਂ ਤੇ ਯੂਨੀਵਰਸਿਟੀਜ਼ ਦੀ ਨੁਮਾਇੰਦਗੀ ਕਰਨ ਵਾਲੀਆਂ ਆਰਗੇਨਾਈਜ਼ੇਸ਼ਨਜ਼ ਨਾਲ ਰਲ ਕੇ ਕੰਮ ਕਰ ਰਹੀ ਹੈ।

## ਅੱਜ ਨਾਮਾ

ਡਾਕਟਰ ਬੋਲਿਆ ਚਾਹੀਦੀ ਸਿਹਤ ਜੇਕਰ,
ਆਲਤੂ-ਫਾਲਤੂ ਖਾਊ ਨਹੀਂ ਮਾਲ ਮੀਆਂ।
ਜਿੰਨੀ ਦੱਸੀ ਗਈ, ਹੱਦ ਉਹ ਤੋੜਨੀ ਨਹੀਂ,
ਨਿਭਾਉਣਾ ਨਿਯਮ ਬੰਧੇਜਾਂ ਦੇ ਨਾਲ ਮੀਆਂ।
ਲਿਖੇ ਮੁਤਾਬਕ ਦਵਾਈ ਸਭ ਖਾਈ ਜਾਣੀ,
ਸਕਦੀ ਇਹੋ ਹਰ ਮਰਜ਼ ਨੂੰ ਟਾਲ ਮੀਆਂ।
ਕਰੋਗੇ ਗਲਤੀ ਤਾਂ ਭੁਗਤਣਾ ਪਊ ਉਸ ਨੂੰ,
ਨਿਭਾ ਲਿਆ ਨੇਮ ਤਾਂ ਬਣੂਗਾ ਢਾਲ ਮੀਆਂ।
ਜਿੰਨੇ ਉਸਨਿਯਮ-ਬੰਧੇਜ ਸਨ ਕਹੇ-ਦੱਸੇ,
ਸਮਝਣਾ ਮੁਸ਼ਕਲ ਮਰੀਜ਼ ਨੂੰ ਬੜਾ ਮੀਆਂ।
ਹਾਂ ਨਹੀਂ ਹੁੰਦੀ, ਨਾ ਕਰਨ ਇਨਕਾਰ ਹੁੰਦਾ,
ਡੌਰਾ-ਭੌਰਾ ਜਿਹਾ ਰਹਿੰਦਾ ਹੈ ਖੜਾ ਮੀਆਂ।

**ਤੀਸ ਮਾਰ ਖਾਂ**

# ਦੋ ਵਿਅਕਤੀਆਂ ਉੱਤੇ ਹਮਲਾ ਕਰਨ ਵਾਲੇ ਮਸ਼ਕੂਕ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 26 ਜੂਨ (ਪੋਸਟ ਬਿਊਰੋ) : ਦੋ ਵੱਖ ਵੱਖ ਹਿੰਸਕ ਘਟਨਾਵਾਂ ਦੇ ਸਬੰਧ ਵਿੱਚ ਟੋਰਾਂਟੋ ਪੁਲਿਸ ਵੱਲੋਂ ਇੱਕ ਮਸ਼ਕੂਕ ਦੀ ਭਾਲ ਕੀਤੀ ਜਾ ਰਹੀ ਹੈ। ਇੱਕ ਘਟਨਾ ਵਿੱਚ ਤਾਂ ਇਸ ਮਸ਼ਕੂਕ ਵੱਲੋਂ ਇੱਕ ਵਿਅਕਤੀ ਦੇ ਮੂੰਹ ਤੇ ਧੜ ਦੇ ਉੱਪਰਲੇ ਹਿੱਸੇ ਨੂੰ ਚਾਕੂ ਨਾਲ ਚੀਰ ਦਿੱਤਾ ਗਿਆ।

ਪੁਲਿਸ ਨੇ ਦੱਸਿਆ ਕਿ ਪਹਿਲੀ ਘਟਨਾ ਐਤਵਾਰ ਨੂੰ ਸ਼ਾਮੀਂ 6:50 ਦੇ ਨੇੜੇ ਤੇੜੇ ਕੀਲ ਸਟਰੀਟ ਤੇ ਬਲੂਅਰ ਸਟਰੀਟ ਏਰੀਆ ਵਿੱਚ ਸਥਿਤ ਇੱਕ ਘਰ ਵਿੱਚ ਵਾਪਰੀ। ਰਲੀਜ਼ ਵਿੱਚ ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੇ ਘਰ ਵਿੱਚ ਦਾਖਲ ਹੋ ਕੇ ਇੱਕ ਵਿਅਕਤੀ ਉੱਤੇ ਹਮਲਾ ਕੀਤਾ। ਜਦੋਂ ਉਸ ਸ਼ਖਸ ਨੇ ਬਾਹਰ ਭੱਜਣ ਦੀ ਕੋਸ਼ਿਸ਼ ਕੀਤੀ ਤਾਂ ਮਸ਼ਕੂਕ ਨੇ ਉਸ ਨੂੰ ਫਿਰ ਘਰ ਦੇ ਅੰਦਰ ਘੜੀਸ ਲਿਆ। ਇਸ ਘਟਨਾ ਦੌਰਾਨ ਪੁਲਿਸ ਨੂੰ ਸੱਦਿਆ ਗਿਆ ਪਰ ਮਸ਼ਕੂਕ ਪੁਲਿਸ ਦੇ ਪਹੁੰਚਣ ਤੋਂ ਪਹਿਲਾਂ ਹੀ ਫਰਾਰ ਹੋ ਗਿਆ।



ਇੱਕ ਹਫਤੇ ਤੋਂ ਵੀ ਘੱਟ ਸਮੇਂ ਬਾਅਦ, ਸ਼ਨਿੱਚਰਵਾਰ ਨੂੰ ਰਾਤੀਂ 10:07 ਵਜੇ ਪੁਲਿਸ ਨੂੰ ਇੱਕ ਵਾਰੀ ਫਿਰ ਇਸੇ ਇਲਾਕੇ ਵਿੱਚ ਸੱਦਿਆ ਗਿਆ। ਇਸੇ ਮਸ਼ਕੂਕ ਨੇ ਇੱਕ ਹੋਰ ਵਿਅਕਤੀ ਦੇ ਸਿਰ ਉੱਤੇ ਕਥਿਤ ਤੌਰ ਉੱਤੇ ਕਿਸੇ ਚੀਜ਼ ਨਾਲ ਵਾਰ ਕੀਤਾ ਤੇ ਫਿਰ ਉਸ ਦੇ ਚਿਹਰੇ ਤੇ ਧੜ ਦੇ ਉੱਪਰੀ ਹਿੱਸੇ ਨੂੰ ਕਿਸੇ ਤੇਜ਼ ਧਾਰ ਹਥਿਆਰ ਨਾਲ ਚੀਰ ਦਿੱਤਾ। ਇਸ ਤੋਂ ਬਾਅਦ ਇੱਕ ਵਾਰੀ ਫਿਰ ਪੁਲਿਸ ਦੇ ਪਹੁੰਚਣ ਤੋਂ ਪਹਿਲਾਂ ਹੀ ਮਸ਼ਕੂਕ ਉੱਥੋਂ ਫਰਾਰ ਹੋ ਗਿਆ।

ਇਨ੍ਹਾਂ ਦੋਵਾਂ ਮਾਮਲਿਆਂ ਵਿੱਚ ਪੁਲਿਸ ਟੋਰਾਂਟੋ ਦੇ 25 ਸਾਲਾ ਸਾਇਰਸ ਅਲਾਇ ਦੀ ਭਾਲ ਕਰ ਰਹੀ ਹੈ। ਉਸ ਉੱਤੇ ਸ਼ਰੀਰ ਨੂੰ ਨੁਕਸਾਨ ਪਹੁੰਚਾਉਣ, ਧਮਕੀਆਂ ਦੇਣ, ਹਥਿਆਰ ਰੱਖਣ ਤੇ ਹਮਲਾ ਕਰਨ ਦੇ ਚਾਰਜਿਜ਼ ਲਾਏ ਗਏ ਹਨ। ਉਸ ਦਾ ਕੱਦ ਪੰਜ ਫੁੱਟ ਦੋ ਇੰਚ ਦੱਸਿਆ ਗਿਆ ਹੈ, ਵਾਲਾਂ ਦਾ ਰੰਗ ਕਾਲਾ ਤੇ ਉਸ ਦੇ ਬੱਕਰ ਦਾੜ੍ਹੀ ਰੱਖੀ ਹੋਈ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਹੈਮਿਲਟਨ ਪਾਰਕ ਵਿੱਚ ਦਿਨ ਦਿਹਾੜੇ ਕੀਤੇ ਗਏ ਹਮਲੇ ਮਗਰੋਂ ਇੱਕ ਵਿਅਕਤੀ ਦੀ ਹੋਈ ਮੌਤ

ਪੰਨਾ 1 ਦਾ ਬਾਕੀ

ਵਿਲਸਨ ਐਵਨਿਊ ਵਿੱਚ ਸਥਿਤ ਜੇ ਸੀ ਬੀਮਰ ਪਾਰਕ ਵਿੱਚ ਹਮਲਾ ਕੀਤੇ ਜਾਣ ਕਾਰਨ ਐਂਟੋਨੀਓ (ਐਂਥਨੀ) ਬੈਲਤਰਾਨੋ ਦੀ ਮੌਤ ਹੋ ਗਈ। ਪੁਲਿਸ ਅਨੁਸਾਰ ਵੀਰਵਾਰ ਸਵੇਰੇ 9:30 ਵਜੇ ਦੋ ਵਿਅਕਤੀਆਂ ਦੇ ਆਪਸ ਵਿੱਚ ਝਗੜਨ ਦੀ ਰਿਪੋਰਟ ਉਨ੍ਹਾਂ ਨੂੰ ਮਿਲੀ।ਮੌਕੇ ਉੱਤੇ ਪਹੁੰਚੇ ਅਧਿਕਾਰੀਆਂ ਨੂੰ 45 ਸਾਲਾ ਬੈਲਤਰਾਨੋ ਜ਼ਖ਼ਮੀ ਹਾਲਤ ਵਿੱਚ ਪਾਰਕ ਵਿੱਚ ਮਿਲਿਆ, ਉਸ ਦੀ ਹਾਲਤ ਕਾਫੀ ਨਾਜ਼ੁਕ ਸੀ। ਬੈਲਤਰਾਨੋ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਮੌਤ ਹੋ ਗਈ। ਇਸ ਘਟਨਾ ਤੋਂ ਥੋੜ੍ਹੀ ਦੇਰ ਬਾਅਦ ਹੀ ਪੁਲਿਸ ਵੱਲੋਂ 37 ਸਾਲਾ ਮਸ਼ਕੂਕ ਕ੍ਰੇਗ ਬਰੁੱਕਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਉਸ ਉੱਤੇ ਗੁੱਸੇ ਨਾਲ ਹਮਲਾ ਕਰਨ ਦੇ ਚਾਰਜਿਜ਼ ਲਾਏ ਗਏ। ਸੋਮਵਾਰ ਨੂੰ ਪੁਲਿਸ ਨੇ ਆਖਿਆ ਕਿ ਹੁਣ ਬਰੁੱਕਸ ਨੂੰ ਸੈਕਿੰਡ ਡਿਗਰੀ ਮਰਡਰ ਦੇ ਚਾਰਜਿਜ਼ ਦਾ ਸਾਹਮਣਾ ਕਰਨਾ ਹੋਵੇਗਾ। ਉਹ ਅਜੇ ਵੀ ਪੁਲਿਸ ਹਿਰਾਸਤ ਵਿੱਚ ਹੀ ਹੈ।

# ਪਾਕਿਸਤਾਨ 'ਚ ਡਿੱਗੀ ਅਸਮਾਨੀ ਬਿਜਲੀ, 10 ਲੋਕਾਂ ਦੀ ਗਈ ਜਾਨ



ਇਸਲਾਮਾਬਾਦ, 26 ਜੂਨ (ਪੋਸਟ ਬਿਊਰੋ): ਪਹਿਲਾਂ ਹੀ ਕਈ ਕੁਦਰਤੀ ਅਤੇ ਮਨੁੱਖ ਦੁਆਰਾ ਬਣਾਈਆਂ ਗਈਆਂ ਆਫ਼ਤਾਂ ਨਾਲ ਜੂਝ ਰਹੇ ਪਾਕਿਸਤਾਨ ਦੀਆਂ ਉਮੀਦਾਂ 'ਤੇ ਮੁੜ ਬਿਜਲੀ ਡਿੱਗ ਪਈ ਹੈ। ਪੰਜਾਬ ਸੂਬੇ 'ਚ ਅਸਮਾਨੀ ਬਿਜਲੀ ਡਿੱਗਣ ਨਾਲ ਘੱਟੋ-ਘੱਟ 10 ਲੋਕਾਂ ਦੀ ਮੌਤ ਹੋ ਗਈ ਹੈ। ਇਹ ਘਟਨਾ ਪਾਕਿਸਤਾਨ ਦੇ ਪੂਰਬੀ ਪੰਜਾਬ ਸੂਬੇ ਦੀ ਹੈ। ਦੱਸਿਆ ਜਾ ਰਿਹਾ ਹੈ ਕਿ ਪ੍ਰੀ-ਮੌਨਸੂਨ ਮੀਂਹ ਦੌਰਾਨ ਵੱਖ-ਵੱਖ ਥਾਵਾਂ 'ਤੇ ਬਿਜਲੀ ਡਿੱਗਣ ਦੀਆਂ ਕਈ ਘਟਨਾਵਾਂ 'ਚ ਘੱਟੋ-ਘੱਟ 10 ਲੋਕਾਂ ਦੀ ਜਾਨ ਚਲੀ ਗਈ ਹੈ। ਪਾਕਿਸਤਾਨੀ ਅਧਿਕਾਰੀਆਂ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ।

ਪਾਕਿਸਤਾਨੀ ਅਧਿਕਾਰੀਆਂ ਮੁਤਾਬਕ ਬਿਜਲੀ ਡਿੱਗਣ ਦੀਆਂ ਘਟਨਾਵਾਂ ਮੁੱਖ ਤੌਰ 'ਤੇ ਪੰਜਾਬ ਸੂਬੇ ਦੇ ਸਿਆਲਕੋਟ ਅਤੇ ਸ਼ੇਖੂਪੁਰਾ ਜ਼ਿਲ੍ਹਿਆਂ ਤੋਂ ਸਾਹਮਣੇ ਆਈਆਂ ਹਨ। ਪਾਕਿਸਤਾਨ ਮੌਸਮ ਵਿਭਾਗ (ਪੀਐਮਡੀ) ਨੇ ਕਿਹਾ ਕਿ ਇਸ ਹਫ਼ਤੇ ਹੋਰ ਮੀਂਹ ਪੈਣ ਦੀ ਸੰਭਾਵਨਾ ਹੈ, ਜਿਸ ਨਾਲ ਲੋਕਾਂ ਨੂੰ ਭਿਆਨਕ ਗਰਮੀ ਅਤੇ ਗਰਮੀ ਦੀ ਲਹਿਰ ਤੋਂ ਕੁਝ ਰਾਹਤ ਮਿਲੇਗੀ। ਹਾਲਾਂਕਿ, ਨੈਸ਼ਨਲ ਡਿਜ਼ਾਸਟਰ ਮੈਨੇਜਮੈਂਟ ਅਥਾਰਟੀ ਨੇ ਚੇਤਾਵਨੀ ਦਿੱਤੀ ਹੈ ਕਿ ਦੇਸ਼ ਵਿੱਚ ਲਗਾਤਾਰ ਹੋ ਰਹੀ ਭਾਰੀ ਬਾਰਿਸ਼ ਕਾਰਨ ਹੜ੍ਹ ਆ ਸਕਦੇ ਹਨ। ਪਾਕਿਸਤਾਨ ਵਿਚ ਪਿਛਲੇ ਸਾਲ ਭਾਰੀ ਮੀਂਹ ਕਾਰਨ ਆਏ ਹੜ੍ਹਾਂ ਵਿਚ ਘੱਟੋ-ਘੱਟ 1,739 ਲੋਕ ਮਾਰੇ ਗਏ, ਲਗਭਗ 80 ਲੱਖ ਲੋਕ ਬੇਘਰ ਹੋਏ ਅਤੇ ਲਗਭਗ 30 ਬਿਲੀਅਨ ਡਾਲਰ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਿਆ ਸੀ।

# ਬ੍ਰਿਟੇਨ ਵਿਚ 25 ਸਾਲਾ ਭਾਰਤੀ ਵਿਦਿਆਰਥੀ ਦੀ ਮੌਤ, ਨਹਿਰ 'ਚੋਂ ਮਿਲੀ ਲਾਸ਼



ਬਰਮਿੰਘਮ, 26 ਜੂਨ (ਪੋਸਟ ਬਿਊਰੋ): ਬ੍ਰਿਟੇਨ ਦੇ ਬਰਮਿੰਘਮ ਸ਼ਹਿਰ 'ਚ ਪੜ੍ਹਾਈ ਕਰ ਰਿਹਾ ਤਾਮਿਲਨਾਡੂ ਦਾ ਵਿਦਿਆਰਥੀ ਸ਼ੱਕੀ ਹਾਲਾਤਾਂ 'ਚ ਇਕ ਨਹਿਰ 'ਚ ਮ੍ਰਿਤਕ ਪਾਇਆ ਗਿਆ। ਵਿਦਿਆਰਥੀ ਦਾ ਨਾਮ ਜੀਵੰਤ ਸ਼ਿਵਕੁਮਾਰ ਸੀ ਜੋ ਤਾਮਿਲਨਾਡੂ ਦੇ ਕੋਇੰਬਟੂਰ ਸ਼ਹਿਰ ਦਾ ਰਹਿਣ ਵਾਲਾ ਸੀ। ਉਹ ਪਿਛਲੇ ਸਾਲ ਸਤੰਬਰ ਵਿੱਚ ਬਰਮਿੰਘਮ ਸ਼ਹਿਰ ਵਿੱਚ ਪੜ੍ਹਾਈ ਕਰਨ ਲਈ ਆਇਆ ਸੀ। ਹੁਣ ਜੀਵੰਤ ਦੀ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਰਿਪੋਰਟਾਂ ਅਨੁਸਾਰ ਪੁਲਿਸ ਨੇ ਦੱਸਿਆ ਕਿ ਬਰਮਿੰਘਮ ਦੀ ਐਸਟਨ ਯੂਨੀਵਰਸਿਟੀ ਵਿੱਚ ਇੱਕ ਵਿਦਿਆਰਥੀ ਸਵੇਰੇ 4:30 ਵਜੇ ਇੱਕ ਨਹਿਰ ਵਿੱਚ ਗੰਭੀਰ ਹਾਲਤ ਵਿੱਚ ਮਿਲਿਆ। ਹਾਲਾਂਕਿ ਵੈਸਟ ਮਿਡਲੈਂਡਜ਼ ਐਂਬੂਲੈਂਸ ਸੇਵਾ ਨੂੰ ਮੌਕੇ 'ਤੇ ਬੁਲਾਇਆ ਗਿਆ ਸੀ, ਪਰ ਅਫ਼ਸੋਸ ਦੀ ਗੱਲ ਹੈ ਕਿ ਮੈਡੀਕਲ ਕਰਮਚਾਰੀਆਂ ਨੇ ਵਿਦਿਆਰਥੀ ਨੂੰ ਬਚਾਉਣ ਦੀ ਪੂਰੀ ਕੋਸ਼ਿਸ਼ ਕੀਤੀ ਪਰ ਉਸ ਦੀ ਮੌਤ ਹੋ ਗਈ।

ਇੰਡੀਅਨ ਨੈਸ਼ਨਲ ਸਟੂਡੈਂਟਸ ਐਸੋਸੀਏਸ਼ਨ (ਆਈਐਨਐਸਏ) ਅਤੇ ਐਸਟਨ ਯੂਨੀਵਰਸਿਟੀ ਕੋਇੰਬਟੂਰ ਵਿੱਚ ਸ਼ਿਵਕੁਮਾਰ ਦੀ ਮ੍ਰਿਤਕ ਦੇਹ ਨੂੰ ਉਸਦੇ ਪਰਿਵਾਰ ਤੱਕ ਪਹੁੰਚਾਉਣ ਵਿੱਚ ਮਦਦ ਕਰ ਰਹੇ ਹਨ। ਸ਼ਿਵਕੁਮਾਰ ਨੇ ਰਣਨੀਤਕ ਅਤੇ ਅੰਤਰਰਾਸ਼ਟਰੀ ਵਪਾਰ ਦਾ ਅਧਿਐਨ ਕਰਨ ਲਈ ਬਰਮਿੰਘਮ ਦੀ ਐਸਟਨ ਯੂਨੀਵਰਸਿਟੀ ਵਿੱਚ ਦਾਖਲਾ ਲਿਆ।

ਇਨਸਾ ਯੂਕੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਅਸੀਂ ਆਪਣੇ ਪਿਆਰੇ ਜੀਵਨ ਸ਼ਿਵਕੁਮਾਰ ਦੀ ਦੁਖਦਾਈ ਅਤੇ ਅਚਾਨਕ ਮੌਤ ਦੀ ਸੂਚਨਾ ਦਿੰਦੇ ਹੋਏ ਬਹੁਤ ਦੁਖੀ ਹਾਂ। ਇਨਸਾ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਸਮਰਪਿਤ ਹੈ ਕਿ ਉਸਦਾ ਸਰੀਰ ਸੁਰੱਖਿਅਤ ਢੰਗ ਨਾਲ ਘਰ ਪਹੁੰਚ ਜਾਵੇ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਐਲੀਸਨ ਲੇਵੀ ਨੇ ਕਿਹਾ ਕਿ ਯੂਨੀਵਰਸਿਟੀ ਨੂੰ ਆਪਣੇ ਇੱਕ ਅਹਿਮ ਮੈਂਬਰ ਦੀ ਮੌਤ ਬਾਰੇ ਸੁਣ ਕੇ ਬਹੁਤ ਦੁੱਖ ਹੋਇਆ ਹੈ।

# ਅਨੁਰਾਗ ਵਰਮਾ ਹੋਣਗੇ ਪੰਜਾਬ ਦੇ ਨਵੇਂ ਮੁੱਖ ਸਕੱਤਰ, ਪਹਿਲੀ ਜੁਲਾਈ ਨੂੰ ਸੰਭਾਲਣਗੇ ਮੁੱਖ ਸਕੱਤਰ ਦਾ ਅਹੁਦਾ

## * ਫੀਲਡ ਅਤੇ ਹੈਡਕੁਆਟਰ ਵਿਖੇ ਅਹਿਮ ਅਹੁਦਿਆਂ 'ਤੇ ਰਹਿੰਦਿਆਂ ਲਾਗੂ ਕੀਤੀਆਂ ਨਿਵੇਕਲੀਆਂ ਪਹਿਲਕਦਮੀਆਂ



ਚੰਡੀਗੜ੍ਹ, 26 ਜੂਨ (ਪੋਸਟ ਬਿਊਰੋ):ਪੰਜਾਬ ਸਰਕਾਰ ਵੱਲੋਂ ਅੱਜ ਜਾਰੀ ਕੀਤੇ ਹੁਕਮਾਂ ਤਹਿਤ 1993 ਬੈਚ ਦੇ ਆਈਏਐਸ ਅਧਿਕਾਰੀ ਅਨੁਰਾਗ ਵਰਮਾ ਸੂਬੇ ਦੇ ਨਵੇਂ ਮੁੱਖ ਸਕੱਤਰ ਹੋਣਗੇ। ਉਹ ਪਹਿਲੀ ਜੁਲਾਈ, 2023 ਨੂੰ ਸੂਬੇ ਦੇ 42ਵੇਂ ਮੁੱਖ ਸਕੱਤਰ ਵਜੋਂ ਕਾਰਜਭਾਰ ਸੰਭਾਲਣਗੇ। ਵਰਮਾ ਮੌਜੂਦਾ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਦੀ ਥਾਂ ਲੈਣਗੇ ਜੋ 30 ਜੂਨ 2023 ਨੂੰ ਸੇਵਾ ਮੁਕਤ ਹੋ ਰਹੇ ਹਨ। ਅਨੁਰਾਗ ਵਰਮਾ ਮੌਜੂਦਾ ਸਮੇਂ ਵਧੀਕ ਮੁੱਖ ਸਕੱਤਰ ਗ੍ਰਹਿ, ਉਦਯੋਗ ਤੇ ਕਾਮਰਸ, ਕਾਨੂੰਨੀ ਤੇ ਵਿਧਾਨਕ ਮਾਮਲੇ, ਸੂਚਨਾ ਤਕਨਾਲੋਜੀ ਅਤੇ ਨਿਵੇਸ਼ ਪ੍ਰੋਤਸਾਹਨ ਹਨ। ਨਵੇਂ ਆਦੇਸ਼ਾਂ ਮੁਤਾਬਕ ਵਰਮਾ ਕੋਲ ਮੁੱਖ ਸਕੱਤਰ ਤੋਂ ਇਲਾਵਾ ਪ੍ਰਮੁੱਖ ਸਕੱਤਰ ਪ੍ਰਸੋਨਲ ਤੇ ਵਿਜੀਲੈਂਸ ਦਾ ਵਾਧੂ ਚਾਰਜ ਰਹੇਗਾ।

ਪਟਿਆਲਾ ਵਿਖੇ ਅਧਿਆਪਕ ਪਰਿਵਾਰ ਵਿੱਚ ਜਨਮੇ ਸ੍ਰੀ ਅਨੁਰਾਗ ਵਰਮਾ ਦੇ ਪਿਤਾ ਕੈਮਿਸਟਰੀ ਦੇ ਪ੍ਰੋਫੈਸਰ ਅਤੇ ਮਾਤਾ ਅੰਗਰੇਜ਼ੀ ਅਧਿਆਪਕਾ ਰਹੇ ਹਨ। ਉਨ੍ਹਾਂ ਦਾ ਜੱਦੀ ਪਿੰਡ ਪਟਿਆਲਾ ਜ਼ਿਲੇ ਵਿੱਚ ਚਲੈਲਾ ਹੈ। ਥਾਪਰ ਕਾਲਜ ਪਟਿਆਲਾ ਤੋਂ ਇਲੈਕਟ੍ਰਾਨਿਕਸ ਤੇ ਕਮਿਊਨੀਕੇਸ਼ਨ ਦੀ ਇੰਜੀਨਅਰਿੰਗ ਦੀ ਡਿਗਰੀ ਦੇ ਗੋਲਡ ਮੈਡਲਿਸਟ ਵਰਮਾ 1993 ਵਿੱਚ ਭਾਰਤੀ ਪ੍ਰਸ਼ਾਸਨਿਕ ਸੇਵਾਵਾਂ (ਆਈਏਐਸ) ਦੀ ਪ੍ਰੀਖਿਆ ਵਿੱਚ ਦੇਸ਼ ਭਰ ਵਿੱਚੋਂ ਸੱਤਵੇਂ ਸਥਾਨ ਉਤੇ ਆਏ ਸਨ।

ਫੀਲਡ ਪੋਸਟਿੰਗ ਦੌਰਾਨ ਬਠਿੰਡਾ, ਲੁਧਿਆਣਾ ਤੇ ਜਲੰਧਰ ਜ਼ਿਲਿਆਂ ਦੇ ਡਿਪਟੀ ਕਮਿਸ਼ਨਰ ਵਜੋਂ ਬਿਹਤਰ ਤੇ ਕੁਸ਼ਲ ਭਰਪੂਰ ਸੇਵਾਵਾਂ ਨਿਭਾਉਣ ਉਪਰੰਤ ਵਰਮਾ ਨੇ ਹੈਡਕੁਆਟਰ ਵਿਖੇ ਵੱਖ-ਵੱਖ ਵਿਭਾਗਾਂ ਵਿੱਚ ਲਾਮਿਸਾਲ ਸੇਵਾਵਾਂ ਨਿਭਾਈਆਂ। ਵਿਸ਼ੇਸ਼ ਸਕੱਤਰ ਮਾਲ ਵਜੋਂ ਸੂਬੇ ਵਿੱਚ ਮਾਲ ਰਿਕਾਰਡ ਦੇ ਕੰਪਿਊਟਰੀਕਰਨ ਅਤੇ ਫਰਦ ਕੇਂਦਰਾਂ ਦੀ ਸ਼ੁਰੂਆਤ ਦੀ ਨਿਵੇਕਲੀ ਪਹਿਲ ਕੀਤੀ। ਆਬਕਾਰੀ ਤੇ ਕਰ ਕਮਿਸ਼ਨਰ ਦੇ ਅਹੁਦੇ ਉਤੇ ਰਹਿੰਦਿਆਂ ਆਪਣੀ ਕਾਰਜ ਕੁਸ਼ਲਤਾ ਸਦਕਾ ਮਾਲੀਆ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੌਂਪੀ ਗਈ ਨਵੀਂ ਜ਼ਿੰਮੇਵਾਰੀ ਨੂੰ ਆਪਣੀ ਲਗਨ, ਮਿਹਨਤ ਅਤੇ ਦ੍ਰਿੜਤਾ ਨਾਲ ਨਿਭਾਉਣ ਦਾ ਵਿਸ਼ਵਾਸ ਦਿਵਾਉਂਦਿਆਂ ਅਨੁਰਾਗ ਵਰਮਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਭਲਾਈ ਸਕੀਮਾਂ ਨੂੰ ਹੇਠਲੇ ਪੱਧਰ ਉਤੇ ਲਾਗੂ ਕਰਨਾ ਪ੍ਰਮੁੱਖ ਤਰਜੀਹ ਹੋਵੇਗੀ।

# ਬਿਹਾਰ ਵਿਚ ਬਿਨਾਂ ਡਰਾਈਵਰ ਦੇ ਚੱਲਿਆ ਇੰਜਣ, ਟਲਿਆ ਵੱਡਾ ਰੇਲ ਹਾਦਸਾ



ਮੁਜ਼ੱਫਰਪੁਰ, 26 ਜੂਨ (ਪੋਸਟ ਬਿਊਰੋ): ਬਿਹਾਰ ਦੇ ਸਮਸਤੀਪੁਰ 'ਚ ਅੱਜ ਵੱਡਾ ਰੇਲ ਹਾਦਸਾ ਟਲ ਗਿਆ, ਜਿੱਥੇ ਰੈਕ ਪੁਆਇੰਟ 'ਤੇ ਖੜ੍ਹੀ ਇਕ ਮਾਲ ਗੱਡੀ ਅਚਾਨਕ ਆਪਣੇ ਆਪ ਚੱਲ ਪਈ ਅਤੇ ਪਟੜੀ ਤੋਂ ਉਤਰ ਗਈ। ਇਹ ਘਟਨਾ ਸਮਸਤੀਪੁਰ ਅਤੇ ਮੁਜ਼ੱਫਰਪੁਰ ਵਿਚਕਾਰ ਕਰਪੁਰੀਗ੍ਰਾਮ ਰੇਲਵੇ ਸਟੇਸ਼ਨ 'ਤੇ ਵਾਪਰੀ। ਅਚਾਨਕ ਵਾਪਰੇ ਇਸ ਹਾਦਸੇ ਕਾਰਨ ਹਫੜਾ-ਦਫੜੀ ਦਾ ਮਾਹੌਲ ਬਣ ਗਿਆ। ਰੇਲਵੇ ਅਧਿਕਾਰੀ ਇਸ ਗੱਲ ਦੀ ਜਾਂਚ ਕਰ ਰਹੇ ਹਨ ਕਿ ਖੜ੍ਹੀ ਟਰੇਨ ਦਾ ਇੰਜਣ ਕਿਵੇਂ ਪਟੜੀ ਤੋਂ ਉਤਰ ਗਿਆ। ਦੱਸਿਆ ਜਾ ਰਿਹਾ ਹੈ ਕਿ ਕਰਪੁਰੀਗ੍ਰਾਮ ਸਟੇਸ਼ਨ ਦੇ ਰੈਕ ਪੁਆਇੰਟ 'ਤੇ ਖੜ੍ਹੀ ਮਾਲ ਗੱਡੀ ਤੋਂ ਸੀਮਿੰਟ ਉਤਾਰਿਆ ਜਾ ਰਿਹਾ ਸੀ। ਫਿਰ ਅਚਾਨਕ ਮਾਲ ਗੱਡੀ ਦਾ ਇੰਜਣ ਅੱਗੇ ਵਧਣ ਲੱਗਾ ਅਤੇ ਮਾਲ ਗੱਡੀ ਪਟੜੀ ਤੋਂ ਉਤਰ ਗਈ। ਇਸ ਦੌਰਾਨ ਇੰਜਣ ਦੇ 4 ਪਹੀਏ ਪਟੜੀ ਤੋਂ ਉਤਰ ਗਏ। ਉੱਥੇ ਕੰਮ ਕਰ ਰਹੇ ਮਜ਼ਦੂਰਾਂ ਵੱਲੋਂ ਘਟਨਾ ਦੀ ਸੂਚਨਾ ਤੁਰੰਤ ਰੇਲਵੇ ਅਧਿਕਾਰੀਆਂ ਨੂੰ ਦਿੱਤੀ ਗਈ। ਜਿਸ ਤੋਂ ਬਾਅਦ ਸਮਸਤੀਪੁਰ ਰੇਲਵੇ ਡਵੀਜ਼ਨ ਦੇ ਅਧਿਕਾਰੀ ਅਤੇ ਕਰਮਚਾਰੀ ਮੌਕੇ 'ਤੇ ਪਹੁੰਚ ਗਏ ਅਤੇ ਰਾਹਤ ਅਤੇ ਬਚਾਅ 'ਚ ਜੁੱਟ ਗਏ।

# ਪਾਕਿ ਫੌਜ ਨੇ ਲੈਫਟੀਨੈਂਟ ਜਨਰਲ ਸਮੇਤ ਕਈ ਫੌਜੀ ਅਫਸਰਾਂ ਨੂੰ ਕੀਤਾ ਬਰਖਾਸਤ

ਲਾਹੌਰ, 26 ਜੂਨ (ਪੋਸਟ ਬਿਊਰੋ): ਪਾਕਿਸਤਾਨੀ ਫੌਜ ਨੇ ਸੋਮਵਾਰ ਨੂੰ ਫੌਜ ਦੇ ਤਿੰਨ ਸੀਨੀਅਰ ਅਧਿਕਾਰੀਆਂ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਹਨ। ਬਰਖਾਸਤ ਕੀਤੇ ਗਏ ਅਫਸਰਾਂ ਵਿੱਚ ਇੱਕ ਤਿੰਨ ਸਿਤਾਰਾ ਅਧਿਕਾਰੀ ਅਤੇ ਇੱਕ ਲੈਫਟੀਨੈਂਟ ਜਨਰਲ ਸ਼ਾਮਲ ਹਨ। ਰਿਪੋਰਟ ਮੁਤਾਬਕ ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਗ੍ਰਿਫਤਾਰੀ ਤੋਂ ਬਾਅਦ 9 ਮਈ ਨੂੰ ਹੋਏ ਹਿੰਸਕ ਪ੍ਰਦਰਸ਼ਨਾਂ ਦੌਰਾਨ ਫੌਜੀ ਟਿਕਾਣਿਆਂ ਦੀ ਸੁਰੱਖਿਆ 'ਚ ਅਸਫਲ ਰਹਿਣ 'ਤੇ ਇਹ ਕਾਰਵਾਈ ਕੀਤੀ ਗਈ ਹੈ। ਫੌਜੀ ਬੁਲਾਰੇ ਨੇ ਕਿਹਾ ਕਿ 9 ਮਈ ਦੀ ਹਿੰਸਾ ਵਿੱਚ ਸ਼ਾਮਲ ਸਾਰੇ ਲੋਕਾਂ ਨੂੰ ਸੰਵਿਧਾਨ ਅਤੇ ਕਾਨੂੰਨ ਦੇ ਤਹਿਤ ਸਜ਼ਾ ਦਿੱਤੀ ਜਾਵੇਗੀ।

ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਤਿੰਨ ਮੇਜਰ ਜਨਰਲਾਂ ਅਤੇ ਸੱਤ ਬ੍ਰਿਗੇਡੀਅਰਾਂ ਖ਼ਿਲਾਫ਼ ਕਾਰਵਾਈ ਕੀਤੀ ਗਈ ਹੈ। ਫੌਜ ਦੇ ਬੁਲਾਰੇ ਮੇਜਰ ਜਨਰਲ ਅਰਸ਼ਦ ਸ਼ਰੀਫ ਨੇ ਕਿਹਾ ਕਿ ਫੌਜ ਨੇ ਪਾਕਿਸਤਾਨ ਤਹਿਰੀਕ-ਏ-ਇਨਸਾਫ ਦੇ ਸਮਰਥਕਾਂ ਦੇ ਵਿਰੋਧ ਪ੍ਰਦਰਸ਼ਨਾਂ ਦੀ ਦੋ ਵਾਰ ਜਾਂਚ ਕੀਤੀ ਅਤੇ ਕਾਰਵਾਈ ਕੀਤੀ। ਉਨ੍ਹਾਂ ਕਿਹਾ ਕਿ ਇੱਕ ਲੈਫਟੀਨੈਂਟ-ਜਨਰਲ ਸਮੇਤ ਤਿੰਨ ਅਧਿਕਾਰੀਆਂ ਨੂੰ ਹਟਾ ਦਿੱਤਾ ਗਿਆ ਹੈ ਅਤੇ ਤਿੰਨ ਮੇਜਰ ਜਨਰਲਾਂ ਅਤੇ ਸੱਤ ਬ੍ਰਿਗੇਡੀਅਰਾਂ ਸਮੇਤ ਹੋਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਅਨੁਸ਼ਾਸਨੀ ਕਾਰਵਾਈ ਪੂਰੀ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਜਾਂਚ ਮੇਜਰ ਜਨਰਲ ਰੈਂਕ ਦੇ ਅਧਿਕਾਰੀਆਂ ਵੱਲੋਂ ਕੀਤੀ ਗਈ ਹੈ।

ਤੁਹਾਨੂੰ ਦੱਸ ਦੇਈਏ ਕਿ 9 ਮਈ ਨੂੰ ਇਮਰਾਨ ਖਾਨ ਦੀ ਗ੍ਰਿਫਤਾਰੀ ਤੋਂ ਬਾਅਦ ਉਨ੍ਹਾਂ ਦੀ ਪਾਰਟੀ ਦੇ ਵਰਕਰਾਂ ਨੇ ਫੈਸਲਾਬਾਦ ਵਿੱਚ ਲਾਹੌਰ ਕੋਰ ਕਮਾਂਡਰ ਹਾਊਸ, ਮੀਆਂਵਾਲੀ ਏਅਰਬੇਸ ਅਤੇ ਆਈਐਸਆਈ ਦੀ ਇਮਾਰਤ ਸਮੇਤ 20 ਤੋਂ ਵੱਧ ਫੌਜੀ ਅਦਾਰਿਆਂ ਅਤੇ ਸਰਕਾਰੀ ਇਮਾਰਤਾਂ ਵਿੱਚ ਭੰਨਤੋੜ ਕੀਤੀ ਸੀ। ਵੱਡੀ ਗੱਲ ਇਹ ਸੀ ਕਿ ਰਾਵਲਪਿੰਡੀ ਸਥਿਤ ਫੌਜ ਦੇ ਹੈੱਡਕੁਆਰਟਰ (ਜੀਐੱਚਕਿਊ) 'ਤੇ ਵੀ ਪਹਿਲੀ ਵਾਰ ਭੀੜ ਨੇ ਹਮਲਾ ਕੀਤਾ ਸੀ।

# ਡੀ.ਸੀ ਫਰੀਦਕੋਟ ਦੀ ਪ੍ਰਧਾਨਗੀ ਹੇਠ ਸਕੂਲ ਸਿੱਖਿਆ ਵਿਕਾਸ ਕਮੇਟੀ ਦੀ ਹੋਈ ਮੀਟਿੰਗ



ਫਰੀਦਕੋਟ, 26 ਜੂਨ (ਗਿਆਨ ਸਿੰਘ): ਸਕੂਲਾਂ ਦੇ ਪੱਧਰ ਨੂੰ ਉੱਚਾ ਚੁੱਕਣ ਦੇ ਮੰਤਵ ਨਾਲ ਜਿਲ੍ਹੇ ਦੇ ਸਿੱਖਿਆ ਅਧਿਕਾਰੀਆਂ ਦੇ ਨਾਲ ਅੱਜ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਮੀਟਿੰਗ ਕੀਤੀ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਦੱਸਿਆ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਇਸ ਸੂਬੇ ਦਾ ਹਰ ਬੱਚਾ ਚੰਗੀ ਸਿੱਖਿਆ ਪ੍ਰਾਪਤ ਕਰੇ। ਇਸ ਮੰਤਵ ਦੀ ਪੂਰਤੀ ਦੇ ਲਈ ਹਰ ਸੰਭਵ ਕਦਮ ਚੁੱਕੇ ਜਾਣ। ਇਸ ਮੌਕੇ ਉਨ੍ਹਾਂ ਨੇ ਚੱਲ ਰਹੇ ਕਾਰਜਾਂ ਸਬੰਧੀ ਜਾਣਕਾਰੀ ਇੱਕਤਰ ਕੀਤੀ ਅਤੇ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਅਤੇ ਅਧਿਆਪਕਾਂ ਜਾਂ ਕੋਈ ਵੀ ਹੋਰ ਕਮੀ ਸਬੰਧੀ ਜਾਣਕਾਰੀ ਲਈ। ਇਸ ਮੌਕੇ ਉਨ੍ਹਾਂ ਕਿਹਾ ਕਿ ਜਿਲ੍ਹੇ ਦੇ 245 ਸਕੂਲਾਂ ਵਿੱਚ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੜਾਈ ਕਰਵਾਈ ਜਾ ਰਹੀ ਹੈ।ਇਸ ਮੌਕੇ ਉਨ੍ਹਾਂ ਨੇ ਸਕੂਲ ਆਫ ਐਮੀਨਾਸ ਸਬੰਧੀ ਵੇਰਵਾ ਇਕੱਤਰ ਕੀਤਾ ਅਤੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਕੂਲ ਆਫ ਐਮੀਨਾਸ ਸਬੰਧੀ ਜੇਕਰ ਕਿਸੇ ਵੀ ਤਰ੍ਹਾਂ ਦੀ ਕਮੀ ਪੇਸ਼ ਆ ਰਹੀ ਹੈ ਤਾਂ ਉਨ੍ਹਾਂ ਨੂੰ ਜਾਣੂ ਕਰਵਾਇਆ ਜਾਵੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਨੀਲਮ ਰਾਣੀ, ਜਿਲ੍ਹਾ ਸਿੱਖਿਆ




DECEMBER 1941 - JULY 2021

ੴ ਸਤਿਗੁਰ ਪ੍ਰਸਾਦਿ ॥
ਗੁਰਮੁਖਿ ਜਨਮ ਸਵਾਰਿ ਦਰਗਹਿ ਚਲਿਆ ॥
ਸੱਚੀ ਦਰਗਹਿ ਜਾਇ ਸਚਾ ਪਿੜ ਮਲਿਆ ॥

ੴ

ਸ. ਤਰਲੋਚਨ ਸਿੰਘ ਗਿੱਲ (ਗਾਲਿਬ ਕਲਾਂ)
ਵੱਲੋਂ
ਆਪ ਜੀ ਨੂੰ ਬੇਨਤੀ ਹੈ ਕਿ ਉਹਨਾਂ ਦੀ ਧਰਮਪਤਨੀ
ਸਰਦਾਰਨੀ ਕੁਲਦੀਪ ਕੌਰ ਗਿੱਲ
ਜੋ ਕਿ ਦੋ ਸਾਲ ਪਹਿਲਾਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦੀ
ਆਤਮਿਕ ਸ਼ਾਂਤੀ ਦੇ ਸਬੰਧ ਵਿੱਚ

ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ

ਦਿੱਤੇ ਪ੍ਰੋਗਰਾਮ ਅਨੁਸਾਰ ਪਵੇਗਾ । ਸੋ ਆਪ ਜੀ ਨੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ । ਅਤੀ ਧੰਨਵਾਦੀ ਹੋਵਾਂਗੇ ਜੀ ।

ਪ੍ਰੋਗਰਾਮ

7 ਜੁਲਾਈ 2023, ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ.......1.30 ਵਜੇ ਦੁਪਿਹਰ

9 ਜੁਲਾਈ 2023, ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ..........1.00 ਵਜੇ ਦੁਪਿਹਰ
ਕੀਰਤਨ ................................ 2.00 ਵਜੇ ਦੁਪਿਹਰ
ਗੁਰੂ ਕਾ ਲੰਗਰ..........................3.00 ਵਜੇ ਦੁਪਿਹਰ

ਸਥਾਨ: ਸ਼੍ਰੀ ਗੁਰੂ ਸਿੰਘ ਸਭਾ ਮਾਲਟਨ
Sri Guru Singh Sabha Malton
7280 Airport Rd, Mississauga, ON L4T 2H3

ਸਮੂਹ ਗਿੱਲ ਪਰਿਵਾਰ
+1 416-802-7377, +1 416-735-7737
+1 416-880-9785
E-mail: tgill@imchd.com

Design by: ਡੋਗਰਾ ਪ੍ਰਿੰਟਰਜ਼, ਲਿੰਕ ਰੋਡ, ਜਗਰਾਉਂ #98784-03812



## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1:
reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
naeem@decongroup.ca

# ਇਜਲਾਸ ਵਿੱਚ ਮੇਰੇ 'ਤੇ ਦੋਸ ਲਾਉਣ ਤੋਂ ਸਿਵਾਏ ਤੁਸੀਂ ਹੋਰ ਕੀ ਕੀਤਾ : ਮੁੱਖ ਮੰਤਰੀ ਮਾਨ

* ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਸਪੱਸਟ ਕਰਨ ਲਈ ਆਖਿਆ * ਪੁੱਛਿਆ, ਇਜਲਾਸ ਦੌਰਾਨ ਪਵਿੱਤਰ ਗੁਰਬਾਣੀ ਦੇ ਮੁਫਤ ਪ੍ਰਸਾਰਣ ਦਾ ਮੁੱਦਾ ਕਿਧਰ ਗੁਆਚ ਗਿਆ?

ਚੰਡੀਗੜ੍ਹ, 26 ਜੂਨ (ਪੋਸਟ ਬਿਊਰੋ):ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸਜੀਪੀਸੀ) ਦੇ ਪ੍ਰਧਾਨ ਨੂੰ ਇਹ ਸਪੱਸਟ ਕਰਨ ਲਈ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਿਸੇਸ ਇਜਲਾਸ 'ਚ ਉਨ੍ਹਾਂ 'ਤੇ ਦੋਸ਼ ਲਾਉਣ ਤੋਂ ਇਲਾਵਾ ਇਸ ਵਿੱਚ ਹੋਰ ਕੀ ਕੀਤਾ ਗਿਆ।

ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਹੈਰਾਨੀ ਦੀ ਗੱਲ ਹੈ ਕਿ ਵਿਸ਼ੇਸ਼ ਤੌਰ 'ਤੇ ਬੁਲਾਏ ਗਏ ਇਜਲਾਸ ਨੂੰ ਸਿਰਫ ਉਨ੍ਹਾਂ ਦੀ ਨਿੰਦਾ ਕਰਨ ਲਈ ਇੱਕ ਮੰਚ ਵਜੋਂ ਵਰਤਿਆ ਗਿਆ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਸਮਝ ਨਹੀਂ ਆਉਂਦੀ ਕਿ ਪਵਿੱਤਰ ਗੁਰਬਾਣੀ ਦੇ ਮੁਫਤ ਪ੍ਰਸਾਰਣ ਦਾ ਮੁੱਦਾ ਇਜਲਾਸ ਵਿਚ ਕਿੱਥੇ ਗੁਆਚ ਗਿਆ ਅਤੇ ਇਸ ਨੂੰ ਉਭਾਰਿਆ ਕਿਉਂ ਨਹੀਂ ਗਿਆ। ਉਨ੍ਹਾਂ ਕਿਹਾ ਕਿ ਇਹ ਇਜਲਾਸ ਸ਼੍ਰੋਮਣੀ ਕਮੇਟੀ 'ਤੇ ਰਾਜ ਕਰ ਰਹੇ ਪਰਿਵਾਰ ਨੂੰ ਬਚਾਉਣ ਲਈ ਆਗੂਆਂ ਦੇ ਇਕੱਠ ਤੋਂ ਵੱਧ ਕੁਝ ਨਹੀਂ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਹਰਜਿੰਦਰ ਸਿੰਘ ਧਾਮੀ ਸਿਰਫ ਆਪਣੇ ਆਕਾਵਾਂ ਦੇ ਇਸ਼ਾਰੇ 'ਤੇ ਚੱਲ ਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੁੱਖ ਬੁਲਾਰੇ ਵਜੋਂ ਵਿਚਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਦਾ ਇਜਲਾਸ ਪਵਿੱਤਰ ਗੁਰਬਾਣੀ ਦੇ ਪ੍ਰਚਾਰ-ਪ੍ਰਸਾਰ ਨਾਲ ਜੁੜੇ ਸੰਜੀਦਾ ਮੁੱਦੇ 'ਤੇ ਵਿਚਾਰ ਕਰਨ ਦੀ ਬਜਾਏ ਸਿਰਫ ਨਿੰਦਾ-ਚੁਗਲੀ ਤੱਕ ਹੀ ਸੀਮਤ ਹੋ ਕੇ ਰਹਿ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਲੋਕ ਸਭ ਜਾਣਦੇ ਹਨ ਅਤੇ ਉਨ੍ਹਾਂ ਨੂੰ ਭਲੀ ਭਾਂਤ ਪਤਾ ਹੈ ਕਿ ਸ਼੍ਰੋਮਣੀ ਕਮੇਟੀ ਅਤੇ ਇਸ ਦੇ ਪ੍ਰਧਾਨ ਕਿਵੇਂ ਅਕਾਲੀ ਦਲ ਵਿਚ ਇਕ ਪਰਿਵਾਰ ਦੀ ਕਠਪੁਤਲੀ ਬਣ ਕੇ ਕੰਮ ਕਰ ਰਹੇ ਹਨ।


NEED A LAWYER ??

KAUR LAW OFFICE

Red Seal NOTARY

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

MANJEET KAUR
LL.B., (London UK)
Barrister, Solicitor & Notary Public

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1


# ਮਾਨਸੂਨ ਨਾਲ ਹਿਮਾਚਲ ਵਿਚ ਤਬਾਹੀ, ਬੱਦਲ ਫਟਣ ਨਾਲ ਮੰਡੀ-ਕੁੱਲੂ 'ਚ ਜ਼ਮੀਨ ਖਿਸਕੀ, ਵਾਹਨ ਫਸੇ





ਮੰਡੀ, 26 ਜੂਨ (ਪੋਸਟ ਬਿਊਰੋ): ਹਿਮਾਚਲ ਪ੍ਰਦੇਸ਼ 'ਚ ਮਾਨਸੂਨ ਨੇ ਦਸਤਕ ਦਿੰਦੇ ਹੀ ਤਬਾਹੀ ਮਚਾਉਣੀ ਸ਼ੁਰੂ ਕਰ ਦਿੱਤੀ ਹੈ। ਮੀਂਹ ਨੇ ਕਈ ਥਾਵਾਂ 'ਤੇ ਤਬਾਹੀ ਮਚਾਈ। ਕੁੱਲੂ-ਮੰਡੀ-ਰਾਮਪੁਰ 'ਚ ਹੜ੍ਹ ਕਾਰਨ ਕਈ ਥਾਵਾਂ 'ਤੇ ਜਨਜੀਵਨ ਪ੍ਰਭਾਵਿਤ ਹੋ ਗਿਆ। ਹਮੀਰਪੁਰ ਦੇ ਸੁਜਾਨਪੁਰ ਦੇ ਖੈਰੀ ਵਿੱਚ ਐਤਵਾਰ ਨੂੰ ਬੱਦਲ ਫਟਣ ਕਾਰਨ ਮਲਬਾ ਪੰਜ ਘਰਾਂ ਵਿੱਚ ਵੜ ਗਿਆ। ਤਹਿਸੀਲਦਾਰ ਸੁਜਾਨਪੁਰ ਅਸ਼ੋਕ ਪਠਾਨੀਆ ਨੇ ਦੱਸਿਆ ਕਿ ਛੇ ਲੋਕਾਂ ਨੂੰ ਬਚਾ ਲਿਆ ਗਿਆ ਹੈ। ਕਾਂਗੜਾ ਦੇ ਨਗਰੋਟਾ ਬਾਗਵਾਨ ਦੇ ਅੱਪਰਲੀ ਮਝੇਤਲੀ 'ਚ ਅਸਮਾਨੀ ਬਿਜਲੀ ਡਿੱਗਣ ਕਾਰਨ ਮਾਂ ਅਤੇ ਡੇਢ ਸਾਲ ਦਾ ਬੱਚਾ ਝੁਲਸ ਗਏ। ਉਨ੍ਹਾਂ ਨੂੰ ਨਗਰੋਟਾ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ।

ਮੰਡੀ 'ਚ ਸੇਰਾਜ ਦੇ ਤੁੰਗਧਾਰ ਅਤੇ ਕੁੱਲੂ ਦੇ ਮੋਹਲ ਖੱਡ 'ਚ ਹੜ੍ਹ ਕਾਰਨ ਇਕ ਦਰਜਨ ਵਾਹਨ ਵਹਿ ਗਏ ਅਤੇ ਕਈ ਘਰਾਂ ਨੂੰ ਨੁਕਸਾਨ ਪਹੁੰਚਿਆ। ਮੰਡੀ ਦੀ ਸ਼ਿਕਾਰੀ ਦੇਵੀ 'ਚ ਸ਼ਨੀਵਾਰ ਰਾਤ 200 ਲੋਕ ਫਸ ਗਏ ਸਨ, ਜਿਨ੍ਹਾਂ ਨੂੰ ਛੇ ਘੰਟੇ ਬਾਅਦ ਬਾਹਰ ਕੱਢ ਲਿਆ ਗਿਆ। ਸੂਬੇ ਭਰ ਵਿੱਚ 85 ਸੜਕਾਂ ਬੰਦ ਕਰ ਦਿੱਤੀਆਂ ਗਈਆਂ ਹਨ। ਬਿਜਲੀ ਦੇ 55 ਟਰਾਂਸਫਾਰਮਰ ਨੁਕਸਾਨੇ ਗਏ ਹਨ। ਦੂਜੇ ਪਾਸੇ ਕਾਲਕਾ-ਸ਼ਿਮਲਾ ਰੇਲਵੇ ਟ੍ਰੈਕ 'ਤੇ ਪਹਾੜਾਂ ਤੋਂ ਪੱਥਰ, ਮਲਬਾ ਅਤੇ ਦਰੱਖਤ ਡਿੱਗਣ ਕਾਰਨ ਦੂਜੇ ਦਿਨ ਵੀ ਸਾਰੀਆਂ ਟਰੇਨਾਂ ਰੱਦ ਕਰ ਦਿੱਤੀਆਂ ਗਈਆਂ।

ਸਿਰਫ ਟੁਆਏ ਟਰੇਨ ਹੀ ਸ਼ਿਮਲਾ ਪਹੁੰਚ ਸਕਦੀ ਸੀ। ਰਾਜ ਵਿੱਚ, ਮੌਸਮ ਵਿਗਿਆਨ ਕੇਂਦਰ ਸ਼ਿਮਲਾ ਨੇ ਸੋਮਵਾਰ ਲਈ ਔਰੇਂਜ ਅਲਰਟ ਅਤੇ ਮੰਗਲਵਾਰ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਭਾਰੀ ਮੀਂਹ ਕਾਰਨ ਸੋਲਨ ਦੀ ਮੰਗਲ ਪੰਚਾਇਤ ਵਿੱਚ 22 ਬੱਕਰੀਆਂ ਇੱਕ ਨਾਲੇ ਵਿੱਚ ਰੁੜ੍ਹ ਗਈਆਂ, ਜਿਨ੍ਹਾਂ ਵਿੱਚੋਂ ਛੇ ਦੀ ਮੌਤ ਹੋ ਗਈ। ਐਤਵਾਰ ਨੂੰ ਮਨਾਲੀ, ਲਾਹੌਲ, ਰੋਹਤਾਂਗ, ਸ਼ਿੰਕੁਲਾ ਅਤੇ ਬਰਾਲਾਚਾ ਦਰਿਆਂ ਦੀਆਂ ਉੱਚੀਆਂ ਚੋਟੀਆਂ 'ਤੇ ਬਰਫਬਾਰੀ ਹੋਈ। ਸੂਬੇ ਦੇ ਕਈ ਇਲਾਕਿਆਂ ਵਿੱਚ ਬਿਜਲੀ ਅਤੇ ਪਾਣੀ ਤੋਂ ਬਿਨਾਂ ਮੁਸੀਬਤਾਂ ਵਧ ਗਈਆਂ ਹਨ।

ਕੁੱਲੂ ਦੇ ਮੋਹਲ ਖੱਡ 'ਚ ਹੜ੍ਹ ਕਾਰਨ ਅੱਠ ਵਾਹਨ ਵਹਿ ਗਏ। ਅੱਧੀ ਰਾਤ ਨੂੰ ਕਈ ਲੋਕਾਂ ਨੂੰ ਆਪਣੇ ਵਾਹਨ ਬਾਹਰ ਕੱਢਣੇ ਪਏ। ਸਰਾਜ ਦੇ ਤੁੰਗਧਾਰ ਡਰੇਨ 'ਚ ਹੜ੍ਹ ਆਉਣ ਕਾਰਨ ਚਾਰ ਵਾਹਨ ਵਹਿ ਗਏ, ਅੱਧੀ ਦਰਜਨ ਮਕਾਨ ਨੁਕਸਾਨੇ ਗਏ। ਪਿੰਡ ਨਰੋਲੀ ਨੇੜੇ ਇੱਕ ਦਰਜਨ ਪਿੰਡ ਹੜ੍ਹ ਦੀ ਲਪੇਟ ਵਿੱਚ ਆ ਗਏ। ਅੱਧੀ ਰਾਤ ਨੂੰ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਬਿਲਾਸਪੁਰ ਦੇ ਬਰਤੀਨ ਬਾਜ਼ਾਰ ਵਿੱਚ ਵੀ ਘਰਾਂ ਅਤੇ ਦੁਕਾਨਾਂ ਵਿੱਚ ਪਾਣੀ ਵੜ ਗਿਆ।


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।



ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


You can Place Your Business Here To Reach Wider Audience
(905)793-2202
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਗੁਰਦੁਆਰਾ ਟਾਹਲਾ ਸਾਹਿਬ : ਸ਼ਹੀਦੀ ਅਸਥਾਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਸ਼ਹੀਦੀ

ਅਠਾਰ੍ਹਵੀਂ ਸਦੀ ਦੇ ਮੱਧ (1757 ਈ.) ਦੌਰਾਨ ਜੰਗ ਦੇ ਮੈਦਾਨ ਦਾ ਉਹ ਅਦਭੁਤ ਦ੍ਰਿਸ਼ ਸ਼ਾਇਦ ਹੀ ਦੁਨੀਆ ਨੇ ਪਹਿਲਾਂ ਕਦੇ ਦੇਖਿਆ ਜਾਂ ਸੁਣਿਆ ਹੋਵੇ। ਗੁਰੂ ਨਗਰੀ ਅੰਮ੍ਰਿਤਸਰ ਤੋਂ ਤਰਨ ਤਾਰਨ ਵਾਲੇ ਪਾਸੇ ਪਿੰਡ ਚੱਬਾ ਅਤੇ ਪਿੰਡ ਗੁਰੂਵਾਲੀ ਦੇ ਵਿਚਕਾਰ ਰਣ ਤੱਤੇ 'ਚ ਦੋਹਾਂ ਦਲਾਂ ਦੇ ਸੂਰਬੀਰ ਰਣ ਸਿੰਗਾਂ ਅਤੇ ਨਗਾਰਿਆਂ ਦੀ ਗੂੰਜ ਵਿਚ ਇਕ ਦੂਜੇ ਨੂੰ ਲਲਕਾਰ ਕੇ ਟੁੱਟ ਕੇ ਪੈ ਰਹੇ ਹਨ। ਬੇਖ਼ੌਫ ਵੀਰਤਾ ਨਾਲ ਭਰਪੂਰ ਕੋਈ ਵੀ ਇਕ ਵੀ ਪੈਰ ਪਿਛਾਂਹ ਖਿੱਚ ਨਹੀਂ ਰਹੇ ਹਨ। ਮੈਦਾਨ-ਏ -ਜੰਗ ਵਿਚ ਸਰੀਰ ਲਹੂ ਲੁਹਾਨ ਹੈ, ਕੱਪੜੇ ਖ਼ੂਨ ਨਾਲ ਰੰਗੇ ਹੋਏ, ਜਿਵੇਂ ਹੋਲੀ ਖੇਡ ਰਹੇ ਹਨ, ਪਰ ਮੈਦਾਨ ਛੱਡਣਾ ਉਨ੍ਹਾਂ ਦੇ ਸੁਭਾਅ ਦਾ ਹਿੱਸਾ ਹੀ ਨਹੀਂ ਸੀ। ਗੋਲੀਆਂ, ਤਲਵਾਰਾਂ ਦੀ ਖਣਕ ਅਤੇ ਜੈਕਾਰਿਆਂ ਦੀ ਗੂੰਜ 'ਚ ਵੇਖੋ ਕਈ ਬਿਨਾ ਸੀਸ ਅਤੇ ਉਨ੍ਹਾਂ ਵਿਚੋਂ ਇਕ ਤਾਂ ਖੱਬੇ ਹੱਥ ਦੀ ਹਥੇਲੀ 'ਤੇ ਸੀਸ ਟਿਕਾਈ ਦੁਸ਼ਮਣਾਂ ਦੀ ਆਹੂ ਲਾਹ ਕੇ ਜਮਪੁਰੀ ਪਹੁੰਚਾ ਰਿਹਾ ਹੈ। ਇੰਨਾ ਦੇ ਪਿੱਛੇ ਸਿੰਘ ਰਣ ਸਿੰਗਾ ਵਜਾਉਂਦੇ ਹੋਏ ਪੂਰੇ ਜੌਹਰ ਨਾਲ ਲੜ ਰਹੇ ਹਨ। ਇਸ ਅਸਚਰਜਤਾ ਨੂੰ ਦੇਖ, ਸਾਰੀ ਅਫਗਾਨੀ ਫ਼ੌਜ ਹੈਰਾਨ - ਪ੍ਰੇਸ਼ਾਨ ਅਤੇ ਭੈ-ਭੀਤ ਹੋ ਰਹੇ ਹਨ, ਕਈਆਂ ਨੇ ਹੁਣ ਨੱਠਣਾ ਸ਼ੁਰੂ ਕਰ ਦਿੱਤਾ ਹੈ। ਇਹ ਜੋ ਪਾਵਨ ਸੀਸ ਖੱਬੀ ਤਲੀ 'ਤੇ ਧਰ ਕੇ ਸਵਾ ਮਣ ਦਾ ਖੰਡਾ ਵਾਹੁੰਦਾ ਹੋਇਆ ਲੜ ਰਿਹਾ ਹੈ, ਇਹ ਹੋਰ ਕੋਈ ਨਹੀਂ, ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਾਡਲੇ, ਸ਼ਸਤਰ ਤੇ ਸ਼ਾਸਤਰ ਦਾ ਸੁਮੇਲ, 75 ਸਾਲਾਂ ਦੇ ਬੁੱਢਾ ਜਰਨੈਲ ਜਥੇਦਾਰ ਬਾਬਾ ਦੀਪ ਸਿੰਘ ਜੀ ਸ਼ਹੀਦ ਹਨ।

ਇਸ ਮਹਾਨ ਯੋਧੇ ਬਾਬਾ ਦੀਪ ਸਿੰਘ ਜੀ ਦਾ ਜਨਮ ਪਿੰਡ ਪਹੂਵਿੰਡ, ਜ਼ਲ੍ਹਿਾ ਤਰਨ ਤਾਰਨ ਵਿਖੇ ਪਿਤਾ ਬਾਬਾ ਭਗਤਾ ਜੀ ਦੇ ਗ੍ਰਹਿ ਵਿਖੇ ਮਾਤਾ ਜਿਉਣੀ ਜੀ ਦੀ ਕੁੱਖੋਂ 26 ਜਨਵਰੀ, 1682 ਈ: (14 ਮਾਘ) ਨੂੰ ਹੋਇਆ। ਛੋਟੀ ਉਮਰ ਵਿਚ ਹੀ ਆਪ ਜੀ ਨੂੰ ਗੁਰਬਾਣੀ ਪੜ੍ਹਨ, ਕੀਰਤਨ ਕਰਨ ਅਤੇ ਸਵੇਰੇ ਸ਼ਾਮ ਸਤਿਸੰਗ ਕਰਨ ਦਾ ਬੜਾ ਸ਼ੌਕ ਸੀ। ਜਦੋਂ ਵੀ ਸਮਾਂ ਮਿਲਦਾ ਆਪ ਜੀ ਘੋੜ ਸਵਾਰੀ ਅਤੇ ਸ਼ਸਤਰ ਵਿੱਦਿਆ ਦਾ ਅਭਿਆਸ ਕਰਿਆ ਕਰਦੇ ਸਨ। ਆਪ ਜੀ ਦਾ ਸੁਭਾਅ ਬੜਾ ਮਿੱਠਾ ਤੇ ਉੱਚਾ ਸੁੱਚਾ ਆਚਰਣ ਸੀ। ਬਚਪਨ 'ਚ ਹੀ ਆਪ ਜੀ ਸ੍ਰੀ ਅਨੰਦਪੁਰ ਸਾਹਿਬ ਚਲੇ ਗਏ। ਜਿੱਥੇ ਉਨ੍ਹਾਂ ਧੰਨ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਹੱਥੋਂ ਅੰਮ੍ਰਿਤਪਾਨ ਕੀਤਾ। ਗੁਰੂ ਸਾਹਿਬ ਦੇ ਨਜ਼ਦੀਕੀਆਂ 'ਚ ਗਿਣੇ ਜਾਂਦੇ ਅਤੇ ਗੁਰੂ ਸਾਹਿਬ ਵੱਲੋਂ ਲੜੀਆਂ ਗਈਆਂ ਜੰਗਾਂ ਯੁੱਧਾਂ 'ਚ ਵੀ ਆਪ ਜੀ ਦਾ ਭਾਰੀ ਯੋਗਦਾਨ ਰਿਹਾ।

ਸ੍ਰੀ ਅਨੰਦਪੁਰ ਸਾਹਿਬ ਤੋਂ ਲੈ ਕੇ ਮੁਕਤਸਰ ਦੀ ਜੰਗ ਤੋਂ ਬਾਅਦ, 1704 ਈ: 'ਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਪਹੁੰਚੇ । ਜਿੱਥੇ ਦਸਮੇਸ਼ ਪਿਤਾ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੰਘਾਂ ਨਾਲ ਕੀਤੇ ਵਾਅਦੇ ਮੁਤਾਬਿਕ ਗੁਰਬਾਣੀ ਦੇ ਅਰਥ ਪੜ੍ਹਾਉਣ ਅਤੇ ਗੁਰੂ ਗ੍ਰੰਥ ਸਾਹਿਬ ਜੀ ਵਿਚ ਨੌਵੇਂ ਪਾਤਸ਼ਾਹ ਦੀ ਬਾਣੀ ਦਰਜ ਕਰਨ ਲਈ ਧੀਰਮੱਲੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਨਾ ਦੇਣ 'ਤੇ ਗੁਰੂ ਸਾਹਿਬ ਜੀ ਨੇ ਆਪ ਗੁਰਬਾਣੀ ਉਚਾਰਨ ਕਰਦਿਆਂ ਭਾਈ ਮਨੀ ਸਿੰਘ ਜੀ ਨੂੰ ਲਿਖਾਰੀ ਅਤੇ ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਕਲਮਾਂ, ਸਿਆਹੀ ਤੇ ਕਾਗ਼ਜ਼ ਦਾ ਪ੍ਰਬੰਧ ਕਰਨ ਦੀ ਸੇਵਾ ਲਾਈ ਗਈ। ਗੁਰੂ ਸਾਹਿਬ ਉਚਾਰੀ ਹੋਈ ਬਾਣੀ ਦੇ ਅਰਥ ਸ਼ਾਮ ਨੂੰ ਸਾਰੇ ਸਿੰਘਾਂ ਨੂੰ ਸੁਣਾਉਂਦੇ। ਇਸ ਪ੍ਰਕਾਰ 9 ਮਹੀਨੇ 9 ਦਿਨ 9ਘੜੀਆਂ 9 ਪਲਾਂ ਵਿਚ ਸੰਨ 1706ਈ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਰੂਪ ਸੰਪੂਰਨ ਹੋਇਆ। ਇਸੇ ਵਕਤ ਹੀ ਅਰਥਾਂ ਦੀ ਟਕਸਾਲ ਆਰੰਭ ਹੋਈ। ਇੱਥੇ ਹੀ ਸਤਿਗੁਰਾਂ ਨੇ ਬਾਬਾ ਦੀਪ ਸਿੰਘ ਜੀ ਨੂੰ ਟਕਸਾਲ ਦਾ ਮੁਖੀ ਥਾਪਦਿਆਂ ਸੰਗਤ ਨੂੰ ਗੁਰਬਾਣੀ ਦਾ




ਸੁੱਧ ਉਚਾਰਨ ਸਰਵਣ ਕਰਾਉਣ ਅਤੇ ਅਰਥ ਪੜਾਉਣ ਦੀ ਸੇਵਾ ਸੌਂਪੀ । ਗੁਰੂ ਸਾਹਿਬ ਨੇ ਫ਼ਰਮਾਇਆ ਕਿ ਭਾਈ ਦੀਪ ਸਿੰਘ ਜੀ ਜੇ ਧਰਮ ਦੀ ਰੱਖਿਆ ਕਰਦਿਆਂ ਤੁਹਾਡਾ ਸੀਸ ਧਰ ਨਾਲੋਂ ਅਲਹਿਦਾ ਵੀ ਹੋ ਗਿਆ, ਤੁਹਾਡੇ ਅਨੰਦ 'ਚ ਫ਼ਰਕ ਨਹੀਂ ਪਵੇਗਾ। ਇੰਝ ਹੀ ਸਤਿਗੁਰੂ ਨੇ ਭਾਈ ਮਨੀ ਸਿੰਘ ਜੀ ਨੂੰ ਵੀ ਰਹਿਮਤਾਂ ਨਾਲ ਨਿਵਾਜਿਆ। ਬਾਬਾ ਦੀਪ ਸਿੰਘ ਜੀ ਸ਼ਹੀਦ, 1748 ਈਸਵੀ ਦੌਰਾਨ ਕਾਇਮ ਕੀਤੇ ਗਏ 12 ਮਿਸਲਾਂ 'ਚੋਂ ਮਿਸਲ ਸ਼ਹੀਦਾਂ ਦੇ ਵੀ ਪ੍ਰਥਮ ਮੁਖੀ ਸਨ।

ਦਸ ਗੁਰੂ ਸਾਹਿਬਾਨ ਵੱਲੋਂ ਵਰੋਸਾਈ ਖ਼ਾਲਸੇ ਨੇ ਮਜ਼ਲੂਮ ਤੇ ਗ਼ਰੀਬ ਦੀ ਰੱਖਿਆ ਅਤੇ ਅਨਿਆਂਈਂ ਵਿਰੁੱਧ ਡਟ ਕੇ ਪਹਿਰਾ ਦੇਣ ਦੀ ਪਰੰਪਰਾ ਉੱਪਰ ਹਮੇਸ਼ਾਂ ਪਹਿਰਾ ਦਿੱਤਾ। ਮੁਗ਼ਲ ਹੋਵੇ ਜਾਂ ਅਫ਼ਗ਼ਾਨ ਧਾੜਵੀ ਸਭ ਨਾਲ ਜ਼ਬਰਦਸਤ ਟੱਕਰ ਲਈ। 18ਵੀਂ ਸਦੀ ਦੌਰਾਨ ਅਫਗਾਨੀ ਅਹਿਮਦ ਸ਼ਾਹ ਦੁਰਾਨੀ (ਅਬਦਾਲੀ) ਨੇ ਭਾਰਤ ਦੀ ਖ਼ੂਬ ਲੁੱਟ ਕੀਤੀ। ਉਸ ਸਮੇਂ ਇਸ ਸਿੱਖ ਹੀ ਸਨ, ਜਿਨ੍ਹਾਂ ਨੇ ਲੁੱਟ ਦੇ ਇਸ ਵਰਤਾਰੇ ਨੂੰ ਰੋਕਿਆ। ਸਿੱਖ ਮਿਸਲਾਂ ਦੇ ਜਥੇਦਾਰਾਂ ਨੇ ਮਿਲ ਜੁੱਲ ਕੇ ਇਨ੍ਹਾਂ ਅਫ਼ਗ਼ਾਨ ਧਾੜਵੀਆਂ ਦਾ ਮੁਕਾਬਲਾ ਕੀਤਾ। ਉਨ੍ਹਾਂ ਤੋਂ ਲੁੱਟਿਆ ਬਹੁ-ਕੀਮਤੀ ਮਾਲ-ਅਸਬਾਬ ਹੀ ਵਾਪਸ ਨਹੀਂ ਖੋਹ ਲਿਆ ਜਾਂਦਾ ਰਿਹਾ, ਸਗੋਂ ਭਾਰਤ ਦੀਆਂ ਬਹੂ ਬੇਟੀਆਂ ਨੂੰ ਵੀ ਉਨ੍ਹਾਂ ਤੋਂ ਛੁਡਵਾ ਕੇ ਘਰੋ-ਘਰੀ ਭੇਜਿਆ ਗਿਆ। ਜਿਸ ਕਰਕੇ ਅਬਦਾਲੀ ਸਿੱਖਾਂ ਦਾ ਸਖ਼ਤ ਵਿਰੋਧੀ ਬਣ ਗਿਆ ਅਤੇ ਸਿੱਖਾਂ ਨੂੰ ਖ਼ਤਮ ਕਰਨ 'ਤੇ ਤੁੱਲ ਗਿਆ। ਉਸ ਦਾ ਬੇਟਾ ਤੈਮੂਰ ਲਾਹੌਰ ਦਾ ਗਵਰਨਰ ਬਣਾ ਦਿੱਤਾ ਗਿਆ ਸੀ। ਅਬਦਾਲੀ ਨੇ 1757 ਈ: ਦੇ ਵਿਚ ਦਿੱਲੀ ਜਾਂਦਾ ਹੋਇਆ ਅੰਮ੍ਰਿਤਸਰ ਸ਼ਹਿਰ ਨੂੰ ਲੁੱਟਿਆ ਅਤੇ ਸ਼ਹਿਰ ਦੀਆਂ ਇਮਾਰਤਾਂ ਨੂੰ ਢਾਹਿਆ । ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ, ਪਵਿੱਤਰ ਸਰੋਵਰ ਨੂੰ ਪੂਰ ਦੇਣ ਦੀ ਖ਼ਬਰ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਨਿਵਾਸ ਕਰ ਰਹੇ ਬਾਬਾ ਦੀਪ ਸਿੰਘ ਜੀ ਨੂੰ ਮਿਲੀ ਤਾਂ ਉਹ ਕਰੋਧ ਵਿਚ ਆਗਿਆ। ਆਪ ਜੀ ਨੇ ਸ੍ਰੀ ਦਰਬਾਰ ਸਾਹਿਬ ਜੀ ਦੀ ਪਵਿੱਤਰਤਾ ਭੰਗ ਕਰਨ ਵਾਲਿਆਂ ਨਾਲ ਟੱਕਰ ਲੈਣ ਦਾ ਫ਼ੈਸਲਾ ਕੀਤਾ ਅਤੇ ਆਸ-ਪਾਸ ਦੇ ਨਗਰਾਂ ਅਤੇ ਸਿੰਘਾਂ ਦੇ ਟਿਕਾਣਿਆਂ 'ਤੇ ਇਤਲਾਹ ਦਿੱਤੀ ਗਈ। ਜਿੱਥੋਂ ਅਨੇਕਾਂ ਸਿੰਘ ਬਾਬਾ ਜੀ ਦੀ ਅਗਵਾਈ ਵਿਚ ਧਰਮ ਹੇਤ ਸੀਸ ਦੇਣ ਲਈ ਹਾਜ਼ਰ ਹੋਏ। ਬਾਬਾ ਜੀ ਨੇ ਅਖੰਡ ਪਾਠ ਕਰਾਇਆ। ਅਤੇ ਨਗਾਰਿਆਂ 'ਤੇ ਚੋਟਾਂ ਲਾ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਚਾਲੇ ਪਾ ਦੇਣ ਦਾ ਹੁਕਮ ਦਿੱਤਾ।

ਇਸ ਤਰ੍ਹਾਂ ਦਲ ਖ਼ਾਲਸਾ ਦੀ ਗਿਣਤੀ ਕਾਫ਼ੀ ਹੋ ਗਈ ਸੀ। ਹਰੀਕੇ ਪੱਤਣ ਤੋਂ ਬਿਆਸ ਦਰਿਆ ਪਾਰ ਕਰਕੇ ਸਿੰਘਾਂ ਦਾ ਜਥਾ ਮਾਝੇ ਦੇ ਇਲਾਕੇ ਵਿਚ ਦਾਖਲ ਹੋਇਆ। ਤਰਨਤਾਰਨ ਸਾਹਿਬ



ਦੇ ਪਾਵਨ ਅਸਥਾਨ 'ਤੇ ਪਹੁੰਚ ਕੇ ਸਿੰਘਾਂ ਅਤੇ ਬਾਬਾ ਜੀ ਦੀਪ ਸਿੰਘ ਨੇ ਸਣੇ ਕੇਸੀਂ ਇਸ਼ਨਾਨ ਕੀਤਾ। ਘੋੜਿਆਂ ਨੂੰ ਵੀ ਖੁਰਕ ਦਿੱਤੀ ਗਈ। ਕੜਾਹ ਪ੍ਰਸਾਦਿ ਲੈ ਕੇ ਸੇਵਕਾਂ ਦੀ ਭੇਟਾ ਗੁਰੂ ਚਰਨਾਂ 'ਚ ਪਰਵਾਨ ਹੋਣ ਦੀ ਅਰਦਾਸ ਕੀਤੀ ਗਈ। ਕਿ, ਜਿੰਨਾ ਚਿਰ ਹਰਿਮੰਦਰ ਸਾਹਿਬ ਨੂੰ ਅਜ਼ਾਦ ਨਹੀਂ ਕਰਵਾ ਲੈ ਦੇ ਸ਼ਹੀਦੀ ਨਹੀਂ ਪਾਵਾਂਗਾ। ''ਮੁਹਿ ਮਰਨੇ ਕਾ ਚਾਉ ਹੈ , ਮਰਉ ਤ ਹਰਿ ਕੈ ਦੁਆਰ।'' ਬਾਬਾ ਦੀਪ ਸਿੰਘ ਜੀ ਕੇਸਰੀ ਰੰਗ ਦਾ ਪੁਸ਼ਾਕ ਪਹਿਨਿਆ। ਸਾਰੇ ਸ਼ਸਤਰ ਸਰੀਰ 'ਤੇ ਸਜਾ ਲਏ। ਦੋ ਧਾਰਾ ਖੰਡਾ ਹੱਥ 'ਚ ਪਕੜਿਆ। ਸ਼ਹਿਰ ਤੋਂ ਬਾਹਰ ਆ ਕੇ ਬਾਬਾ ਦੀਪ ਸਿੰਘ ਜੀ ਨੇ ਯੋਧਿਆਂ ਦੀ ਪਰਖ ਕਰਨ ਲਈ ਇੱਕ ਲਕੀਰ ਖਿੱਚੀ ਅਤੇ ਕਿਹਾ ਕਿ ਗੁਰੂ ਮਹਾਰਾਜ ਦੇ ਸਤਿਕਾਰ ਖ਼ਾਤਰ ਲੜ ਕੇ ਸ਼ਹੀਦੀ ਪਾਉਣ ਲਈ ਜਿਹੜਾ ਵੀ ਸਿੰਘ ਤਿਆਰ ਹੈ, ਉਹ ਇਸ ਲਕੀਰ ਨੂੰ ਪਾਰ ਕਰੇ, ਜੋ ਕੋਈ ਸ਼ਹੀਦ ਨਹੀਂ ਹੋਣਾ ਚਾਹੁੰਦਾ ਉਹ ਵਾਪਸ ਚੱਲਿਆ ਜਾਵੇ। ਇਸ ਵਕਤ ਬਾਬਾ ਜੀ ਨਾਲ ਅਨੇਕਾਂ ਮਝੈਲ ਵੀ ਆਣ ਮਿਲੇ ਸਨ, ਸਾਰੇ ਸਿੰਘ ਜੈਕਾਰੇ ਗਜਾਉਂਦੇ ਨਗਾਰਿਆਂ 'ਤੇ ਚੋਟਾਂ ਲਾਉਂਦੇ ਹੋਏ ਲਕੀਰ ਟੱਪ ਕੇ ਅੰਮ੍ਰਿਤਸਰ ਵੱਲ ਕੂਚ ਕਰਨਾ ਸ਼ੁਰੂ ਕੀਤਾ। ਸਿੰਘਾਂ ਦੀ ਚੜ੍ਹਾਈ ਬਾਰੇ ਅਫ਼ਗ਼ਾਨੀਆਂ ਨੂੰ ਖ਼ਬਰ ਮਿਲ ਚੁੱਕੀ ਸੀ। ਉਸ ਵਕਤ ਅੰਮ੍ਰਿਤਸਰ ਸ਼ਹਿਰ ਦੇ ਇੰਚਾਰਜ ਜਹਾਨ ਖ਼ਾਨ ਸਿੰਘਾਂ ਦਾ ਟਾਕਰਾ ਕਰਨ ਲਈ ਫ਼ੌਜ ਲੈ ਕੇ ਗੋਹਲਵੜ ਪਿੰਡ ਕੋਲ ਪਹੁੰਚਿਆ। ਬਾਬਾ ਜੀ ਨੇ ਜਥੇ ਦੇ ਸਿੰਘਾਂ ਨਾਲ ਦੁਸ਼ਮਣ ਫ਼ੌਜ ਨੂੰ ਲੜਾਈ ਲਈ ਲਲਕਾਰਿਆ। ਇਸ ਜਗ੍ਹਾ 'ਤੇ ਹੁਣ ਗੁਰਦੁਆਰਾ ਲਲਕਾਰ ਸਾਹਿਬ ਬਣਿਆ ਹੋਇਆ ਹੈ। ਸਿੰਘਾਂ ਅਤੇ ਅਫ਼ਗ਼ਾਨਾਂ ਦੀ ਟੱਕਰ 'ਚ ਸਿੰਘ ਅਫ਼ਗ਼ਾਨਾਂ ਨੂੰ ਪਛਾੜ ਦੇ ਹੋਏ ਅੰਮ੍ਰਿਤਸਰ ਵਲ ਨੂੰ ਵਧ ਰਹੇ ਸਨ। ਇਤਨੇ ਨੂੰ ਜਹਾਨ ਖ਼ਾਨ ਦਾ ਸਹਾਇਕ ਅਤਾਈ ਖ਼ਾਨ ਆਪਣੀ ਭਾਰੀ ਫ਼ੌਜ ਲੈ ਕੇ ਆ ਗਿਆ, ਜਿਸ ਨਾਲ ਮੈਦਾਨ-ਏ-ਜੰਗ ਦਾ ਰੂਪ ਬਦਲ ਗਿਆ। ਇਸ ਘਮਸਾਣ ਦੀ ਜੰਗ ਅੰਦਰ ਸਿੱਖਾਂ ਦਾ ਭਾਰੀ ਜਾਨੀ ਨੁਕਸਾਨ ਹੋਣਾ



ਬਾਬਾ ਦਰਸ਼ਨ ਸਿੰਘ ਜੀ

ਸ਼ੁਰੂ ਹੋ ਗਿਆ। ਸਿੰਘ ਇਕ-ਇਕ ਕਰਕੇ ਸ਼ਹੀਦ ਹੋਣ ਲੱਗੇ। ਇੰਨੇ ਨੂੰ ਅਮਾਨ ਖਾਂ, ਯਕੂਬ ਖਾਂ ਤੇ ਹੋਰ ਅਫਗਾਨੀ ਜਰਨੈਲ ਵੀ ਮੈਦਾਨ ਵਿਚ ਅੱਪੜ ਗਏ। ਜੰਗ ਦਾ ਮੈਦਾਨ ਤਿੰਨ ਕੋਹਾਂ ਵਿਚ ਫੈਲ ਚੁੱਕਿਆ ਸੀ। ਸਾਰਾ ਮੈਦਾਨ ਖ਼ੂਨ ਨਾਲ ਲੱਥ ਪਥ ਹੋ ਚੁਕਾ ਸੀ । ਬਾਬਾ ਜੀ ਅਤੇ ਸਿੰਘ ਵੀ ਤਬਾਹੀ ਮਚਾ ਰਹੇ ਸਨ। ਪੰਜ ਹਜ਼ਾਰੀ ਫ਼ੌਜ ਦਾ ਮਾਲਕ ਅਮੀਰ ਜਾਨ ਖਾਂ ਹਾਥੀ ਉੱਤੋਂ ਲੜਦਾ ਅਤੇ ਆਪਣੀ ਫ਼ੌਜ ਨੂੰ ਕਮਾਂਡ ਦੇ ਰਿਹਾ ਸੀ। ਉਸ ਵਕਤ ਆਪਣਾ ਜੰਗੀ ਜੌਹਰ ਦਿਖਾ ਰਹੇ ਭਾਈ ਦਿਆਲ ਸਿੰਘ ਨੇ ਘੋੜੇ ਦਾ ਪੌੜ ਜਾਨ ਖਾਂ ਦੇ ਹਾਥੀ ਦੇ ਮੱਥੇ 'ਤੇ ਰਖਾ ਕੇ ਤਲਵਾਰ ਦੇ ਵਾਰ ਨਾਲ ਅਮੀਰ ਜਾਨ ਖਾਂ ਦਾ ਸਿਰ ਲਾਹ ਦਿੱਤਾ। ਅਯੂਬ ਖਾਂ ਦਿਆਲ ਸਿੰਘ ਦੀ ਫੁਰਤੀ ਅਤੇ ਬਹਾਦਰੀ ਦੇਖ ਰਿਹਾ ਸੀ। ਸਿੰਘਾਂ ਨੂੰ ਅੱਗੇ ਵਧਦਾ ਦੇਖ ਅਬਦਾਲੀਆਂ ਨੇ ਗਊਆਂ ਲਿਆ ਖੜੀਆਂ ਕੀਤੀਆਂ। ਬਾਬਾ ਦੀਪ ਸਿੰਘ ਜੀ ਦੇ ਆਦੇਸ਼ 'ਤੇ ਸਿੰਘਾਂ ਨੇ ਤੀਰ ਅਤੇ ਬੰਦੂਕਾਂ ਛੱਡ ਕੇ ਤਲਵਾਰਾਂ ਸੂਤ ਲਈਆਂ। ਉਸ ਵਕਤ ਯਕੂਬ ਖਾਂ ਨੇ ਬਾਬਾ ਦੀਪ ਸਿੰਘ ਨੂੰ ਯੁੱਧ ਲਈ ਵੰਗਾਰਿਆ। ਦੋਹਾਂ 'ਚ ਜ਼ਬਰਦਸਤ ਜੰਗ ਹੋਈ। ਦੋਹਾਂ ਦੇ ਘੋੜੇ ਮਾਰੇ ਗਏ। ਫਿਰ ਹੱਥੋਂ ਪਾਈ ਹੋ ਕੇ ਲੜੇ, ਬਾਬਾ ਦੀਪ ਸਿੰਘ ਜੀ ਨੇ ਗੁਰਜ ਦਾ ਵਾਰ ਕਰਦਿਆਂ ਯਕੂਬ ਖਾਂ ਦਾ ਸਿਰ ਸਣੇ ਫ਼ੌਲਾਦੀ ਟੋਪ ਚੂਰ- ਚੂਰ ਕਰ ਦਿੱਤਾ। ਅਫਗਾਨੀ ਸਿੰਘਾਂ ਦੇ ਕਰਤਬ ਦੇਖ ਅਸ਼ ਅਸ਼ ਕਰ ਉੱਠੇ। ਅਫ਼ਗ਼ਾਨ ਕਮਾਂਡਰ ਜਹਾਨ ਖ਼ਾਨ ਨੇ ਵੀ ਬਾਬਾ ਦੀਪ ਸਿੰਘ ਨਾਲ ਦਵੰਦ ਯੁੱਧ ਦੀ ਇੱਛਾ ਜਤਾਈ। ਬਾਬਾ ਦੀਪ ਸਿੰਘ ਨੇ ਉਸ ਨਾਲ ਦਵੰਦ ਯੁੱਧ ਕੀਤਾ। ਜਿੱਥੇ ਦੋਹਾਂ ਦੇ ਘੋੜੇ ਮਾਰੇ ਗਏ ਅਤੇ ਸੰਜੋਅ ਵੀ ਟੁੱਟ ਗਈਆਂ। ਅਖੀਰ ਦੋਹਾਂ ਦੇ ਆਪਸ ਵਿਚੀਂ ਸਾਂਝੇ ਵਾਰ ਨਾਲ ਦੋਹਾਂ ਦੇ ਸੀਸ ਲੱਥ ਗਏ।

'ਚਲੀ ਤੇਗ ਅਤਿ ਬੇਗ ਸੈਂ, ਦੁਹੂੰ ਕੇਰ ਬਲ-ਵਾਰ। ।
ਉਤਰ ਗਏ ਸਿਰ ਦੁਹੂੰ ਕੇ, ਪਰਸ-ਪਰੈਂ ਇਕ ਸਾਰ। ।'' (ਸ੍ਰੀ ਗੁਰੁ ਪੰਥ ਪ੍ਰਕਾਸ਼- ਕ੍ਰਿਤ, ਗਿਆਨੀ ਗਿਆਨ ਸਿੰਘ)

ਬਾਬਾ ਜੀ ਦਾ ਸੀਸ ਧੜ ਤੋਂ ਅਲੱਗ ਹੋ ਜਾਣ ਸਦਕਾ ਸਰੀਰ ਜ਼ਮੀਨ 'ਤੇ ਡਿਗ ਪਿਆ। ਇਹ ਕੌਤਕ ਦੇਖ ਇਕ ਸਿੰਘ ਨੇ ਹੱਥ ਜੋੜ ਕੇ ਬਾਬਾ ਜੀ ਨੂੰ ਬੇਨਤੀ ਕੀਤੀ, ਕਿ ਬਾਬਾ ਜੀ ਤੁਸਾਂ ਅਰਦਾਸ ਕੀਤੀ ਸੀ ਸੀਸ ਸੁਧਾਸਰ ਜਾ ਕੇ ਗੁਰੂ ਦੇ ਚਰਨਾਂ 'ਚ ਭੇਟ ਕਰਨਾ ਹੈ। ਇਹ ਹੁਣ ਕੀ ਭਾਣਾ ਵਰਤਾਇਆ ਜੇ? ਸੁਧਾਸਰ ਇਥੋ ਦੋ ਕੋਹ ਦੂਰ ਹੈ।

ਢਿਗ ਤੈ ਏਕ ਸਿੰਘ ਪਿਖਿ ਕਹਯੋ।
ਪਰਣ ਤੁਮਾਰਾ ਦੀਪ ਸਿੰਘ ਰਹਯੋ।
ਗੁਰਪੁਰਿ ਜਾਇ ਸੀਸ ਮੈਂ ਦੈਹੋਂ। ਸੋ ਤੇ ਦੋਇ ਕੋਸ ਇਸ ਠੈਹੋਂ।। (ਸ੍ਰੀ ਗੁਰੁ ਪੰਥ ਪ੍ਰਕਾਸ਼- ਕ੍ਰਿਤ, ਗਿਆਨੀ ਗਿਆਨ ਸਿੰਘ)

ਫੇਰ ਕੀ ਸੀ ਬਚਨ ਕੇ ਬਲੀ ਸੂਰਬੀਰ ਯੋਧੇ ਬਾਬਾ ਜੀ ਦਾ ਧੜ ਹਰਕਤ ਵਿਚ ਆਇਆ ਅਤੇ ਉਨ੍ਹਾਂ ਆਪਣਾ ਪਾਵਨ ਸੀਸ ਖੱਬੇ ਹੱਥ 'ਤੇ ਧਰ ਕੇ ਸਜੇ ਹੱਥ ਨਾਲ ਆਪਣਾ ਸਵਾ ਮਣ ਦਾ ਤਿੱਖਾ ਖੰਡਾ ਵਾਹੁੰਦੇ ਹੋਏ ਲੜਦੇ ਚਲੇ ਗਏ। ਇਸ ਤਰਾਂ ਸਰਾਇ ਗੋਤ ਦਾ ਜੱਟ ਮਹਿਤ ਸਿੰਘ ਵੀ ਬਿਨ ਸੀਸ ਚਾਟੀਵਿੰਡ ਤਕ ਲੜਿਆ। ''ਜੱਟ ਸਰਾਇ ਮਹਿਤ ਸਿੰਘ ਤਯੋਂ ਹੀ ... ਲਰਯੋ ਕਬੰਧ ਤਾਂਹਿ ਕਾ ਭਾਰਾ''। ਜਥੇਦਾਰ ਰਾਮ ਸਿੰਘ ਵੀ ਬਿਨਾ ਸੀਸ ਲੜਿਆ। ''ਲਰਯੋ ਕਬੰਧ ਰਾਮ ਸਿੰਘ ਕੇਰਾ'' ਸਾਰੀ ਤੁਰਕ ਫ਼ੌਜ ਹੈਰਾਨ ਹੋ ਰਹੀ ਸੀ, ਸਿੰਘਾਂ ਦੇ ਧੜ ਸਿਰਾਂ ਤੋਂ ਬਿਨਾ ਲੜਦੇ ਦੇਖ ਤੁਰਕਾਂ ਦੀ ਫ਼ੌਜ ਨੇ ਭੈ-ਭੀਤ ਹੋ ਕੇ ਨੱਠਣਾ ਸ਼ੁਰੂ ਕਰ ਦਿੱਤਾ।

ਇੰਨੇ ਨੂੰ ਪਿੰਡ ਚੱਬੇ ਕੋਲ ਜਾਨ ਖਾਂ ਨੇ ਬਾਬੇ ਨੌਧ ਸਿੰਘ ਗਿੱਲ ਨੂੰ ਵੰਗਾਰਿਆ ਤਾਂ ਬਾਬਾ ਨੌਧ ਸਿੰਘ ਘੋੜਾ ਲੈ ਕੇ ਜਹਾਨ ਖਾਂ ਦੇ ਮੂਹਰੇ ਹੋ ਗਿਆ। ਲੜਾਈ 'ਚ ਦੋਹਾਂ ਦੇ ਘੋੜੇ ਢਿਗ ਪਏ, ਫਿਰ ਤਲਵਾਰਾਂ ਵੀ ਟੁੱਟ ਗਈਆਂ, ਸੰਜੋਆਂ ਅਤੇ ਢਾਲਾਂ ਵੀ ਟੁੱਟ ਗਈਆਂ, ਅਖੀਰ ਦੋਹਾਂ ਨੇ ਕਟਾਰਾਂ ਪਕੜ ਲਈਆਂ ਅਤੇ ਦੋਹਾਂ ਨੇ ਇੱਕੋ ਵਾਰ ਹੀ ਕਟਾਰਾਂ ਨੂੰ ਇਕ ਦੂਜੇ ਦੇ ਪੇਟ 'ਚ ਧਸਾ ਦਿੱਤੀਆਂ। ਬੀਸ ਹਜ਼ਾਰੀ ਜ਼ਬਰਦਸਤ ਖਾਂ ਨਾਲ ਭਾਈ ਬਲਵੰਤ ਸਿੰਘ ਨੇ ਅਤੇ ਇਸੇ ਤਰਾਂ ਕਈ ਹੋਰਨਾਂ ਨੇ ਵੀ ਦਵੰਦ ਯੁੱਧ ਕੀਤੇ। ਇਸ ਘਮਸਾਣ ਦੀ ਜੰਗ ਅੰਦਰ ਅਫ਼ਗ਼ਾਨ ਜਰਨੈਲਾਂ ਦੇ ਮਾਰੇ ਜਾਣ ਨਾਲ ਅਫ਼ਗਾਨੀ ਫ਼ੌਜ ਦੇ ਹੌਸਲੇ ਟੁੱਟ ਗਏ । ਬਾਬਾ ਦੀਪ ਸਿੰਘ ਜੀ ਲੜਦੇ ਹੋਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪ੍ਰਕਰਮਾ ਤਕ ਜਾ ਪਹੁੰਚੇ। ਸਿੰਘਾਂ ਨੇ ਜਿੱਤ ਦੇ ਜੈਕਾਰੇ ਗੁੰਜਾਏ, ਬਾਬਾ ਜੀ ਨੇ ਸੀਸ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੇ ਚਰਨਾਂ 'ਚ ਭੇਟ ਕਰਦਿਆਂ ਸੱਚਖੰਡ ਨੂੰ ਪਿਆਨਾ ਕੀਤਾ।

ਇਸੇ ਤਰਾਂ ਧਰਮ ਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ 'ਚ ਬਾਬਾ ਦੀਪ ਸਿੰਘ ਜੀ ਦੇ ਨਾਮਵਰ ਸਾਥੀ ਸਿੰਘਾਂ ਜਥੇਦਾਰ ਰਾਮ ਸਿੰਘ, ਜਥੇਦਾਰ ਸਜਣ ਸਿੰਘ, ਜਥੇਦਾਰ ਬਹਾਦਰ ਸਿੰਘ, ਜਥੇਦਾਰ ਹੀਰਾ ਸਿੰਘ, ਭਾਈ ਨਿਹਾਲ ਸਿੰਘ, ਭਾਈ ਸੰਤ ਸਿੰਘ, ਭਾਈ ਕੌਰ ਸਿੰਘ, ਭਾਈ ਸੁੱਧਾ ਸਿੰਘ, ਭਾਈ ਬਸੰਤ ਸਿੰਘ, ਭਾਈ ਬੀਰ ਸਿੰਘ, ਭਾਈ ਮੰਨਾ ਸਿੰਘ, ਭਾਈ ਹੀਰਾ ਸਿੰਘ, ਭਾਈ ਗੰਡਾ ਸਿੰਘ, ਭਾਈ ਲਹਿਣਾ ਸਿੰਘ, ਭਾਈ ਗੁਪਾਲ ਸਿੰਘ, ਭਾਈ ਰਣ ਸਿੰਘ, ਭਾਈ ਭਾਗ ਸਿੰਘ, ਭਾਈ ਨੱਥਾ ਸਿੰਘ,ਭਾਈ ਬਾਲ ਸਿੰਘ,ਭਾਈ ਤਾਰਾ ਸਿੰਘ ਕੰਗ ਦੇ ਨਾਮ ਗਿਆਨੀ ਗਿਆਨ ਸਿੰਘ ਨੇ ਗਿਣਵਾਏ ਹਨ। ਇਹ ਕਹਿਣਾ ਅਤਿਕਥਨੀ ਨਹੀਂ ਹੋਵੇਗਾ ਕਿ ਧਰਮ ਤੋਂ ਪ੍ਰੇਰਿਤ ਸਾਡੇ ਬਜ਼ੁਰਗਾਂ ਵੱਲੋਂ ਕੀਤੇ ਗਏ ਕਾਰਨਾਮੇ ਕੌਮਾਂ ਦੀ ਸਮੁੱਚੀ ਚੇਤਨਤਾ - ਸਿਮਰਤੀਆਂ ਦਾ ਹਿੱਸਾ ਹੋ ਕੇ ਆਉਣ ਵਾਲੀਆਂ ਪੀੜੀਆਂ ਲਈ ਪ੍ਰੇਰਣਾ ਸਰੋਤ ਹੋ ਨਿੱਬੜਦੀਆਂ ਹਨ।

ਸ੍ਰੀ ਹਰਿਮੰਦਰ ਸਾਹਿਬ ਦੀਆਂ ਪ੍ਰਕਰਮਾ ਵਿਚ ਜਿੱਥੇ ਬਾਬਾ ਜੀ ਨੇ ਸੀਸ ਭੇਟ ਕੀਤਾ ਸੀ, ਉੱਥੇ ਯਾਦਗਾਰੀ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ। ਆਪ ਜੀ ਦਾ ਇਕ ਅਸਥਾਨ ਤਰਨ ਤਾਰਨ ਵਾਲੀ ਸੜਕ 'ਤੇ 'ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ' ਸੁਸ਼ੋਭਿਤ ਹੈ। ਪਿੰਡ ਚਬਾ ਅਤੇ ਪਿੰਡ ਗੁਰੂਵਾਲੀ ਦੇ ਵਿਚਕਾਰ ਮੈਦਾਨ ਏ ਜੰਗ ਵਿਚ ਜਿੱਥੇ ਬਾਬਾ ਦੀਪ ਸਿੰਘ ਜੀ ਦਾ ਸੀਸ ਧੜ ਨਾਲੋਂ ਜੁਦਾ ਹੋਇਆ, ਉੱਥੇ ਹੁਣ ਸ਼ਾਨਦਾਰ ਅਤੇ ਅਤਿ ਸੁੰਦਰ ਗੁਰਦੁਆਰਾ ਟਾਹਲਾ ਸਾਹਿਬ ਸੁਭਾਇਮਾਨ ਹੈ। ਜਿਸ ਦੀ ਕਾਰਸੇਵਾ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵਾਲੇ ਕਰਵਾ ਰਹੇ ਹਨ। ਇੱਥੇ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਮੱਥਾ ਟੇਕਣ, ਸੇਵਾ ਅਤੇ ਮੁਰਾਦਾਂ ਪਾਉਣ ਆਉਂਦੀਆਂ ਹਨ। ਜਦ ਕਿ ਐਤਵਾਰ ਨੂੰ ਗੁਰਮਤਿ ਸਮਾਗਮ 'ਚ ਅਣਗਿਣਤ ਸੰਗਤਾਂ ਦੀ ਆਮਦ ਨਾਲ ਗੁਰਦੁਆਰਾ ਟਾਹਲਾ ਸਾਹਿਬ ਅੱਜ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਦਾ ਕੇਂਦਰ ਬਣ ਚੁੱਕਿਆ ਹੈ।

( ਪ੍ਰੋ: ਸਰਚਾਂਦ ਸਿੰਘ ਖਿਆਲਾ, ਸਲਾਹਕਾਰ, ਕੌਮੀ ਘੱਟ ਗਿਣਤੀ ਕਮਿਸ਼ਨ, ਫੋਨ : 9781355522)

# ਫ਼ਸਟ ਸਿੱਖ ਟੈਂਪਲ ਵੂਲਗੂਲਗਾ ਹੈਡ ਗ੍ਰੰਥੀ, ਗਿ. ਹਰਜਿੰਦਰ ਸਿੰਘ ਹੰਬੜਾਂ ਜੇ.ਪੀ. ਦੀ ਸੇਵਾਮੁਕਤੀ ਸਮੇਂ ਸੰਗਤਾਂ ਵਲੋਂ ਨਿੱਘੀ ਵਿਦਾਇਗੀ

ਜੂਨ 1968 ਵਿਚ, ਆਸਟ੍ਰੇਲੀਆ ਦੇ ਸਭ ਤੋਂਪਹਿਲੇ ਗੁਰਦੁਆਰਾ ਸਾਹਿਬ, ਵੂਲਗੂਲਗਾਦੇਹੈਡ ਗ੍ਰੰਥੀ, ਭਾਈ ਹਰਜਿੰਦਰ ਸਿੰਘ ਹੰਬੜਾਂ ਦੀ, 18 ਜੂਨ 2023 ਵਾਲੇ ਐਤਵਾਰੀ ਦੀਵਾਨ ਦੌਰਾਨ, ਸੇਵਾਮੁਕਤੀ ਸਮੇ ਪ੍ਰਬੰਧਕਾਂ ਤੇ ਸੰਗਤਾਂ ਵੱਲੋਂ ਨਿਘੀ ਵਿਦਾਇਗੀ ਦਿੰਦੇ ਹੋਏ, ਸਨਮਾਨਤ ਕੀਤਾ ਗ਼ਿਆ।ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਨਿਰਮਲ ਸਿੰਘ ਅਤੇਸੀਨੀਅਰ ਸਿਟੀਜ਼ਨਸ. ਰਘਬੀਰ ਸਿੰਘ ਹੁੰਦਲ ਨੇ ਭਾਈ ਹਰਜਿੰਦਰ ਸਿੰਘ ਹੰਬੜਾਂ ਜੀ ਦੀਆਂ ਸੇਵਾਵਾਂ ਦੀ ਸਲਾਘਾ ਕਰਦੇ ਹੋਏ ਆਖਿਆ ਕਿ ਗੁਰੂ ਘਰ ਵਿੱਚ ਗਿਆਨੀ ਜੀ ਨੇ ਸ਼ਰਧਾ ਅਤੇ ਯੋਗਤਾਸਹਿਤ ਸੇਵਾ ਨਿਭਾਈ ਹੈ।ਸੰਗਤਾਂ ਦੇ ਮਨ ਵਿੱਚ ਇਹਨਾਂ ਲਈ ਅਥਾਹ ਪਿਆਰ ਅਤੇ ਸਤਿਕਾਰ ਹੈ। ਸੰਗਤਾਂ ਗਿਆਨੀ ਜੀ ਦੇ ਮਿਲਾਪੜੇ ਸੁਭਾਅ ਨੂੰ ਹਮੇਸ਼ਾ ਯਾਦ ਰਖ਼ਣਗੀਆਂ।

ਜ਼ਕਿਰਯੋਗ ਹੈ ਕਿਭਾਈ ਸਾਹਿਬ ਨੇ ਵੱਖ-ਵੱਖ ਦੇਸ਼ਾਂ ਦੇ ਗੁਰੂ ਘਰਾਂ ਵਿੱਚ 42 ਸਾਲ ਲਈ, ਧਾਰਮਿਕ ਸੇਵਾਵਾਂ ਨਿਭਾਈਆਂ ਹਨ।ਉਹਨਾਂ ਦੇ ਸੇਵਾ ਮੁਕਤ ਹੋਣ ਸਮੇ ਗੁਰੂ ਘਰ ਦੇ ਪ੍ਰਬੰਧਕਾਂ,ਅਮਨਦੀਪ ਸਿੰਘ ਸਿਧੂ, ਮਾਤਾ ਜਿੰਦਰ ਕੌਰ ਸਮੇਤ ਸੰਗਤਾਂਵੱਡੀ



ਗਿਣਤੀ ਵਿਚ ਪੁੱਜੀਆਂ ਸਨ। ਸੰਗਤਾਂ ਨੇ ਉਹਨਾਂ ਨੂੰ ਸਤਿਕਾਰ ਸਹਿਤ ਗੁਰੂ ਘਰ ਵੱਲੋਂ ਸਿਰੋਪਾਉ ਦੇ ਕੇ ਨਿੱਘੀ ਵਿਦਾਇਗੀ ਦਿਤੀ।

ਭਾਈ ਹਰਜਿੰਦਰ ਸਿੰਘ ਦੀ ਪਤਨੀ ਬੀਬੀ ਸਰਬਜੀਤ ਕੌਰ ਨੂੰ ਵੀ, ਉਹਨਾਂ ਵੱਲੋਂ ਕੀਤੀ ਗਈ ਸੇਵਾ ਦਾ ਮਾਣ ਕਰਦਿਆਂ ਹੋਇਆਂ, ਗੁਰੂ ਘਰ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

ਗਿਆਨੀ ਹਰਜਿੰਦਰ ਸਿੰਘ ਜੇ.ਪੀ. ਜੀ ਪਿਛਲੇ 22 ਸਾਲਾਂ ਤੋਂ ਆਸਟ੍ਰੇਲੀਆ ਦੇ ਵੱਖ ਵੱਖ ਗੁਰਧਾਮਾਂ ਵਿਚ ਹੈਡ ਗ੍ਰੰਥੀ ਅਤੇ ਹੈਡ ਰਾਗੀ ਦੀ ਸੇਵਾ ਨਿਭਾਉਂਦੇ ਆ ਰਹੇ ਹਨ।ਗਿਆਨੀ ਜੀ ਗੁਰਬਾਣੀ ਦੇ ਗਿਆਤਾ ਅਤੇ ਵਿਖਿਆਤਾ ਹੋਣ ਦੇ ਨਾਲ਼ ਨਾਲ਼ ਸੁਰੀਲੇ ਕੀਰਤਨੀਏ ਹਨ। ਗੁਰਬਾਣੀ ਨੂੰ ਜਿਥੇ ਕੀਰਤਨ ਨੂੰ ਸੁਗਮ ਰੀਤਾਂ ਵਿਚਕਰਕੇ ਸੰਗਤ ਨੂੰ ਗੁਰਮਤਿ ਨਾਲ਼ ਜੋੜਦੇ ਹਨ ਓਥੇ ਕਲਾਸੀਕਲ ਕੀਰਤਨ ਰਾਗਾਂ ਵਿਚ ਵੀ ਕਰਨ ਦੇ ਮਾਹਰ ਹਨ।

ਇਸ ਤੋਂ ਇਲਾਵਾ ਕੌਮੀ ਦਰਦ, ਪੰਥਕ ਸੋਚ, ਸ੍ਰੀਅਕਾਲ ਤਖਤ ਸਾਹਿਬ ਤੋਂ ਪੰਥ ਪ੍ਰਵਾਨਤ ਰਹਿਤ ਮਰਯਾਦਾ ਦੇ ਧਾਰਨੀ ਅਤੇ ਪ੍ਰਚਾਰਕ ਹਨ। ਸੰਗਤਾਂ ਨਾਲ਼ ਮੇਲ਼ ਮਿਲਾਪ, ਆਓ ਭਾਗਤ, ਸੇਵਾ ਸਹਾਇਤਾ ਲਈ ਸਦਾ ਤਤਪਰ ਰਹਿੰਦੇ ਹਨ। ਆਸਟ੍ਰੇਲੀਆ ਦੇ ਸਾਰੇ ਗ੍ਰੰਥੀ ਸਿੰਘਾਂ ਵਿਚੋਂ ਇਹ ਪਹਿਲੀਮਿਸਾਲਹੈ ਕਿ ਗਿਆਨੀ ਹਰਜਿੰਦਰ ਸਿੰਘ ਜੀ ਨੂੰ, ਆਸਟ੍ਰੇਲੀਆ ਸਰਕਾਰ ਨੇ 'ਜਸਟਿਸ ਆਫ਼ ਪੀਸ'ਦੀ ਪਦਵੀ ਦਿਤੀ ਹੋਈ ਹੈ ਤਾਂ ਕਿ ਉਹ ਕਾਨੂੰਨੀ ਤੌਰ ਤੇ ਵੀ ਭਾਈਚਾਰੇ ਦੀ ਸੇਵਾ ਤੇ ਸਹਾਇਤਾ ਹੋਰ ਵੀ ਵਿਸਥਾਰ ਸਹਿਤ ਕਰ ਸਕਣ।

ਸਿੱਖ ਧਾਰਮਿਕ ਵਿੱਦਵਤਾ ਦਾ ਇਕ ਇਹ ਵੀ ਲਾਭ ਹੈ ਕਿ ਵਿੱਦਵਾਨ ਅਮਲੀ ਤੌਰ 'ਤੇ ਕਦੀ ਵੀ ਧਰਮ ਪ੍ਰਚਾਰ ਦੀ ਸੇਵਾ ਤੋਂ ਮੁਕਤ ਨਹੀਂ ਹੁੰਦਾ। ਜਿੰਨਾ ਚਿਰ ਗੁਰੂ ਦੀ ਕਿਰਪਾ ਨਾਲ਼ ਸਰੀਰ ਸੇਵਾ ਕਰਨ ਦੇ ਕਾਬਲ ਰਹਿੰਦਾ ਹੈ, ਗੁਰਸਿੱਖ ਵਿੱਦਵਾਨ ਕਥਾ, ਕੀਰਤਨ, ਪ੍ਰਚਾਰ, ਪਾਠ ਦੀ ਸੇਵਾ ਕਰਸਕਦਾ ਹੈ।ਇਕ ਗੁਰਦੁਆਰਾ ਸਾਹਿਬ ਵਿਚੋਂ ਵਿਦਾਇਗੀ ਲੈਣ ਦਾ ਮਤਲਬ ਇਹ ਨਹੀਂ ਹੈ ਕਿ ਗਿਆਨੀ ਜੀ ਨੇ ਕੀਰਤਨ ਪ੍ਰਚਾਰ ਦੀ ਸੇਵਾ ਤੋਂ ਮੁਕਤੀ ਪ੍ਰਾਪਤ ਕਰ ਲਈ ਹੈ। ਉਹ ਪਹਿਲਾਂ ਵਾਂਗ ਹੀ ਆਜ਼ਾਦਾਨਾ ਤੌਰ 'ਤੇ ਜਿਥੇ ਵੀ ਲੋੜ ਹੋਵੇਗੀ, ਓਥੇ ਹੀ ਸੇਵਾ ਨਿਭਾਉਣ ਲਈ ਹਾਜਰ ਰਹਿਣਗੇ।

ਆਸ ਹੈ ਕਿ ਸੰਗਤਾਂ ਉਹਨਾਂ ਦੀ ਸੇਵਾ ਤੋਂ ਪਹਿਲਾਂ ਵਾਂਗ ਹੀ ਲਾਭ ਉਠਾਉਂਦੀਆਂ ਰਹਿਣਗੀਆਂ।

ਗਿਆਨੀ ਸੰਤੋਖ ਸਿੰਘ
ਸਿਡਨੀ, ਆਸਟ੍ਰੇਲੀਆ


Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
- ਸੀਨੀਅਰ ਡਿਸਕਾਉਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

Dr. Samreet Kaur Randhawa
General Family Dentist
New Patients welcome
Deal Directly with all Insurance Companies

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
Mayfield Rd
Mcvean Dr
Gore Rd
DENTISTRY
Squire Ellis Dr
Countryside Dr



Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE (2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) Hall of Fame (2010)

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)



ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨੂਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC. REALTOR MLS MULTIPLE LISTING SERVICE

Ph:905-456-3232 **Based on units sold & commissions **Some conditions apply

*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017